੨੫੯

# ਮਾਇਆ

(ਸੰਪਾਦਕ: ਅਨੰਤ ਪ੍ਰਵਾਹ ਟ੍ਰੱਸਟ ਯੂ.ਕੇ.)

ਹਿੰਦੂ ਧਰਮ ਗ੍ਰੰਥਾਂ ਅਨੁਸਾਰ ਪ੍ਰਮਾਤਮਾ ਨੇ ਯੋਗ ਮਾਇਆ ਤੋਂ ਸ੍ਰਿਸ਼ਟੀ ਸਾਜੀ ਹੈ। ਪੁਸਤਕਾਂ ਵਿੱਚ ਯੋਗ ਮਾਇਆ ਇੱਕ ਦੇਵੀ ਦੇ ਰੂਪ ਵਿੱਚ ਭਗਵਾਨ ਵਿਸ਼ਨੂੰ ਦੇ ਹੁਕਮਾਂ ਦੀ ਪਾਲਣਾ ਕਰਦੀ ਦਰਸਾਈ ਹੈ। ਸੰਸਾਰ ਸਿਰਜਣਾ ਸਭ ਮਾਇਆ ਹੀ ਹੈ। ਜੋ ਦਿਸ ਰਿਹਾ ਹੈ ਸਭ ਮਾਇਆ ਦੇ ਅੱਡ-ਅੱਡ ਰੂਪ ਹਨ। ਪ੍ਰਭੂ ਤੋਂ ਬਿਨਾਂ ਹੋਰ ਦਿੱਸਦਾ-ਅਣਦਿੱਸਦਾ ਸੰਸਾਰ ਸਭ ਮਾਇਆ ਦਾ ਪਸਾਰਾ ਹੈ। ਇਸਤ੍ਰੀ, ਧੀਆਂ-ਪੁੱਤਰ, ਰਿਸ਼ਤੇ-ਨਾਤੇ, ਧਨ-ਦੌਲਤ, ਰਾਜ-ਭਾਗ, ਰਾਗ-ਰੰਗ, ਖੇਲ-ਤਮਾਸ਼ੇ, ਰੂਪ-ਜਵਾਨੀ, ਬਾਲਪਣ-ਬੁਢਾਪਾ, ਹਾਰ-ਸ਼ਿੰਗਾਰ ਅਥਵਾ ਸਾਰੇ ਦ੍ਰਿਸ਼ਟਮਾਨ ਸੰਸਾਰ ਤੋਂ ਛੁੱਟ ਕਾਮ, ਕ੍ਰੋਧ, ਲੋਭ, ਮੋਹ, ਹੰਕਾਰ, ਝੂਠ, ਨਿੰਦਾ, ਪਾਪ, ਪੁੰਨ, ਸੁਰਗ, ਨਰਕ, ਰਿਧੀ, ਸਿਧੀ, ਕਰਾਮਾਤ, ਸੱਜਣਤਾਈ, ਦੁਸ਼ਮਣੀ, ਲਾਲਚ, ਤ੍ਰਿਸ਼ਨਾ, ਸੁਆਦ, ਬੇਸੁਆਦੀ, ਖੁਸ਼ੀ, ਗਮੀ, ਰੋਣਾ, ਪਿੱਟਣਾ, ਦੁੱਖ, ਸੁੱਖ, ਨੀਂਦ, ਆਲਸ, ਸੋਭਾ, ਵਡਿਆਈ, ਮਮਤਾ, ਮੇਰ ਤੇਰ, ਭੁੱਖ ਪਿਆਸ ਆਦਿ ਸਭ ਕੁਝ ਮਾਇਆ ਦੇ ਹੀ ਅੱਡ-ਅੱਡ ਰੂਪ ਹਨ। ਸ੍ਰਿਸ਼ਟੀ ਸਿਰਜਣ ਵਾਲਾ ਇਹ ਸਾਰਾ ਖੇਲ ਤਮਾਸ਼ਾ ਪ੍ਰਭੂ ਦੀ ਮਾਇਆ ਹੈ। ਇਸ ਵਿੱਚ ਜੀਵਾਂ ਨੂੰ ਫਸਾਇਆ ਵੀ ਪ੍ਰਭੂ ਨੇ ਆਪ ਹੀ ਹੈ ਅਤੇ ਇਸ ਮਾਇਆ ਜਾਲ ਤੋਂ ਖਲਾਸੀ ਵੀ ਪ੍ਰਮਾਤਮਾ ਦੀ ਮਿਹਰ ਨਾਲ ਹੀ ਹੁੰਦੀ ਹੈ:

**– ਮਾਇਆ ਮਮਤਾ ਕਰਤੈ ਲਾਈ॥ ਏਹੁ ਹੁਕਮੁ ਕਰਿ ਸ੍ਰਿਸਟਿ ਉਪਾਈ॥**
**ਗੁਰ ਪਰਸਾਦੀ ਬੂਝਹੁ ਭਾਈ॥ ਸਦਾ ਰਹਹੁ ਹਰਿ ਕੀ ਸਰਣਾਈ॥ (੧੨੬੧)**

ਇਹ ਮਾਇਆ ਜੀਵਾਂ ਨੂੰ ਕਈ ਤਰੀਕਿਆਂ ਨਾਲ ਆਪਣੇ ਪ੍ਰਭਾਵ ਹੇਠ ਲੈ ਆਉਂਦੀ ਹੈ:

**– ਬਿਆਪਤ ਹਰਖ ਸੋਗ ਬਿਸਥਾਰ॥ ਬਿਆਪਤ ਸੁਰਗ ਨਰਕ ਅਵਤਾਰ॥**
**ਬਿਆਪਤ ਧਨ ਨਿਰਧਨ ਪੇਖਿ ਸੋਭਾ॥ ਮੂਲੁ ਬਿਆਧੀ ਬਿਆਪਸਿ ਲੋਭਾ॥**
**ਮਾਇਆ ਬਿਆਪਤ ਬਹੁ ਪਰਕਾਰੀ॥ ਸੰਤ ਜੀਵਹਿ ਪ੍ਰਭ ਓਟ ਤੁਮਾਰੀ॥ ਰਹਾਉ॥**
**ਬਿਆਪਤ ਅਹੰਬੁਧਿ ਕਾ ਮਾਤਾ॥ ਬਿਆਪਤ ਪੁਤ੍ਰ ਕਲਤ੍ਰ ਸੰਗਿ ਰਾਤਾ॥**
**ਬਿਆਪਤ ਹਸਤਿ ਘੋੜੇ ਅਰੁ ਬਸਤਾ॥ ਬਿਆਪਤ ਰੂਪ ਜੋਬਨ ਮਦ ਮਸਤਾ॥**
**ਬਿਆਪਤ ਭੂਮਿ ਰੰਕ ਅਰੁ ਰੰਗਾ॥ ਬਿਆਪਤ ਗੀਤ ਨਾਦ ਸੁਣਿ ਸੰਗਾ॥**
**ਬਿਆਪਤ ਸੇਜ ਮਹਲ ਸੀਗਾਰ॥ ਪੰਚ ਦੂਤ ਬਿਆਪਤ ਅੰਧਿਆਰ॥**
**ਬਿਆਪਤ ਕਰਮ ਕਰੈ ਹਉ ਫਾਸਾ॥ ਬਿਆਪਤਿ ਗਿਰਸਤ ਬਿਆਪਤ ਉਦਾਸਾ॥**
**ਆਚਾਰ ਬਿਉਹਾਰ ਬਿਆਪਤ ਇਹ ਜਾਤਿ॥ ਸਭ ਕਿਛੁ ਬਿਆਪਤ ਬਿਨੁ ਹਰਿ ਰੰਗ ਰਾਤ॥**
**ਸੰਤਨ ਕੇ ਬੰਧਨ ਕਾਟੇ ਹਰਿ ਰਾਇ॥ ਤਾ ਕਉ ਕਹਾ ਬਿਆਪੈ ਮਾਇ॥**
**ਕਹੁ ਨਾਨਕ ਜਿਨਿ ਧੂਰਿ ਸੰਤ ਪਾਈ॥ ਤਾ ਕੈ ਨਿਕਟਿ ਨ ਆਵੈ ਮਾਈ॥ (੧੯੨)**

**– ਮਤਾ ਕਰਉ ਸੋ ਪਕਨਿ ਨ ਦੇਈ॥ ਸੀਲ ਸੰਜਮ ਕੈ ਨਿਕਟਿ ਖਲੋਈ॥**
**ਵੇਸ ਕਰੇ ਬਹੁ ਰੂਪ ਦਿਖਾਵੈ॥ ਗ੍ਰਿਹਿ ਬਸਨਿ ਨ ਦੇਈ ਵਖਿ ਵਖਿ ਭਰਮਾਵੈ॥**
**ਘਰ ਕੀ ਨਾਇਕਿ ਘਰ ਵਾਸੁ ਨ ਦੇਵੈ॥ ਜਤਨ ਕਰਉ ਉਰਝਾਇ ਪਰੇਵੈ॥ ਰਹਾਉ॥**
**ਧੁਰ ਕੀ ਭੇਜੀ ਆਈ ਆਮਰਿ॥ ਨਉ ਖੰਡ ਜੀਤੇ ਸਭਿ ਥਾਨ ਥਨੰਤਰ॥**
**ਤਟਿ ਤੀਰਥਿ ਨ ਛੋਡੈ ਜੋਗ ਸੰਨਿਆਸ॥ ਪੜਿ ਥਾਕੇ ਸਿੰਮ੍ਰਿਤਿ ਬੇਦ ਅਭਿਆਸ॥**
**ਜਹ ਬੈਸਉ ਤਹ ਨਾਲੇ ਬੈਸੈ॥ ਸਗਲ ਭਵਨ ਮਹਿ ਸਬਲ ਪ੍ਰਵੇਸੈ॥**
**ਹੋਛੀ ਸਰਣਿ ਪਇਆ ਰਹਣੁ ਨ ਪਾਈ॥ ਕਹੁ ਮੀਤਾ ਹਉ ਕੈ ਪਹਿ ਜਾਈ॥**
**ਸੁਣਿ ਉਪਦੇਸੁ ਸਤਿਗੁਰ ਪਹਿ ਆਇਆ॥ ਗੁਰਿ ਹਰਿ ਹਰਿ ਨਾਮੁ ਮੋਹਿ ਮੰਤ੍ਰੁ ਦ੍ਰਿੜਾਇਆ॥**
**ਨਿਜ ਘਰਿ ਵਸਿਆ ਗੁਣ ਗਾਇ ਅਨੰਤਾ॥ ਪ੍ਰਭੁ ਮਿਲਿਓ ਨਾਨਕ ਭਏ ਅਚਿੰਤਾ॥**

ਘਰੁ ਮੇਰਾ ਇਹ ਨਾਇਕਿ ਹਮਾਰੀ॥ ਇਹ ਆਮਰਿ ਹਮ ਗੁਰਿ ਕੀਏ ਦਰਬਾਰੀ॥ਰਹਾਉ ਦੂਜਾ॥ (੩੭੧)

ਵਿਖਾਵੇ ਵਾਲੇ ਕਰਮ ਧਰਮ ਕਰਨ ਵਾਲਾ ਮਨੁੱਖ ਹੰਕਾਰੀ ਹੋ ਜਾਂਦਾ ਹੈ। ਹੰਕਾਰ ਅਤੇ ਪ੍ਰਭੂ ਦਾ ਜੋੜ ਨਹੀਂ। ਹੰਕਾਰ ਦੇ ਕਾਰਨ ਪ੍ਰਭੂ ਤੋਂ ਦੂਰੀ ਹੋ ਜਾਂਦੀ ਹੈ ਅਤੇ ਮਨੁੱਖ ਮਾਇਆ ਦਾ ਗੁਲਾਮ ਬਣ ਜਾਂਦਾ ਹੈ। ਗੁਰੂ ਦੇ ਉਪਦੇਸ਼ ਅਨੁਸਾਰ ਆਪਾ ਭਾਵ ਗੁਆ ਕੇ ਪ੍ਰਭੂ ਦੀ ਸਦੀਵੀ ਯਾਦ ਹੀ ਬਹੁਰੰਗੀ ਮਾਇਆ ਤੋਂ ਖਲਾਸੀ ਦਾ ਕੇਵਲ ਸਾਧਨ ਹੈ।

## ਮਾਇਆ ਦੇ ਹੋਰ ਰੂਪ

– ਗਹੁ ਕਰਿ ਪਕਰੀ ਨ ਆਈ ਹਾਥਿ॥ ਪ੍ਰੀਤਿ ਕਰੀ ਚਾਲੀ ਨਹੀ ਸਾਥਿ॥
ਕਹੁ ਨਾਨਕ ਜਉ ਤਿਆਗਿ ਦਈ॥ ਤਬ ਓਹ ਚਰਣੀ ਆਇ ਪਈ॥
ਸੁਣਿ ਸੰਤਹੁ ਨਿਰਮਲ ਬੀਚਾਰ॥ ਰਾਮ ਨਾਮ ਬਿਨੁ ਗਤਿ ਨਹੀ ਕਾਈ ਗੁਰੁ ਪੂਰਾ ਭੇਟਤ ਉਧਾਰ॥ਰਹਾਉ॥
ਜਬ ਉਸ ਕਉ ਕੋਈ ਦੇਵੈ ਮਾਨੁ॥ ਤਬ ਆਪਸ ਊਪਰਿ ਰਖੈ ਗੁਮਾਨੁ॥
ਜਬ ਉਸ ਕਉ ਕੋਈ ਮਨਿ ਪਰਹਰੈ॥ ਤਬ ਓਹ ਸੇਵਕਿ ਸੇਵਾ ਕਰੈ॥
ਮੁਖਿ ਬੇਰਾਵੈ ਅੰਤਿ ਠਗਾਵੈ॥ ਇਕਤੁ ਠਉਰ ਓਹ ਕਹੀ ਨ ਸਮਾਵੈ॥
ਉਨਿ ਮੋਹੇ ਬਹੁਤੇ ਬ੍ਰਹਮੰਡ॥ ਰਾਮ ਜਨੀ ਕੀਨੀ ਖੰਡ ਖੰਡ॥
ਜੋ ਮਾਗੈ ਸੋ ਭੂਖਾ ਰਹੈ॥ ਇਸੁ ਸੰਗਿ ਰਾਚੈ ਸੁ ਕਛੂ ਨ ਲਹੈ॥
ਇਸਹਿ ਤਿਆਗਿ ਸਤਸੰਗਤਿ ਕਰੈ॥ ਵਡਭਾਗੀ ਨਾਨਕ ਓਹੁ ਤਰੈ॥ (੮੯੧)

– ਮਾਇਆ ਭੂਲੇ ਸਿਧ ਫਿਰਹਿ ਸਮਾਧਿ ਨ ਲਗੈ ਸੁਭਾਇ॥ ਤੀਨੇ ਲੋਅ ਵਿਆਪਤ ਹੈ ਅਧਿਕ ਰਹੀ ਲਪਟਾਇ॥
ਬਿਨੁ ਗੁਰ ਮੁਕਤਿ ਨ ਪਾਈਐ ਨਾ ਦੁਬਿਧਾ ਮਾਇਆ ਜਾਇ॥
ਮਾਇਆ ਕਿਸ ਨੋ ਆਖੀਐ ਕਿਆ ਮਾਇਆ ਕਰਮ ਕਮਾਇ॥
ਦੁਖਿ ਸੁਖਿ ਏਹੁ ਜੀਉ ਬਧੁ ਹੈ ਹਉਮੈ ਕਰਮ ਕਮਾਇ॥
ਬਿਨੁ ਸਬਦੈ ਭਰਮੁ ਨ ਚੂਕਈ ਨਾ ਵਿਚਹੁ ਹਉਮੈ ਜਾਇ॥ (੬੭)

– ਥਾਕੇ ਬਹੁ ਬਿਧਿ ਘਾਲਤੇ ਤ੍ਰਿਪਤਿ ਨ ਤ੍ਰਿਸਨਾ ਲਾਥ॥
ਸੰਚਿ ਸੰਚਿ ਸਾਕਤ ਮੂਏ ਨਾਨਕ ਮਾਇਆ ਨ ਸਾਥ॥ਪਉੜੀ॥
ਥਥਾ ਥਿਰੁ ਕੋਊ ਨਹੀ ਕਾਇ ਪਸਾਰਹੁ ਪਾਵ॥ ਅਨਿਕ ਬੰਚ ਬਲ ਛਲ ਕਰਹੁ ਮਾਇਆ ਏਕ ਉਪਾਵ॥
ਥੈਲੀ ਸੰਚਹੁ ਸ੍ਰਮੁ ਕਰਹੁ ਥਾਕਿ ਪਰਹੁ ਗਾਵਾਰ॥ ਮਨ ਕੈ ਕਾਮਿ ਨ ਆਵਈ ਅੰਤੇ ਅਉਸਰ ਬਾਰ॥
ਥਿਤਿ ਪਾਵਹੁ ਗੋਬਿਦ ਭਜਹੁ ਸੰਤਹ ਕੀ ਸਿਖ ਲੇਹੁ॥ ਪ੍ਰੀਤਿ ਕਰਹੁ ਸਦ ਏਕ ਸਿਉ ਇਆ ਸਾਚਾ ਅਸਨੇਹੁ॥
ਕਾਰਨ ਕਰਨ ਕਰਾਵਨੋ ਸਭ ਬਿਧਿ ਏਕੈ ਹਾਥ॥
ਜਿਤੁ ਜਿਤੁ ਲਾਵਹੁ ਤਿਤੁ ਤਿਤੁ ਲਗਹਿ ਨਾਨਕ ਜੰਤ ਅਨਾਥ॥ (੨੫੭)

## ਮਾਇਆ ਇਸਤਰੀ ਦੇ ਲੱਛਣ

– ਮਾਥੈ ਤ੍ਰਿਕੁਟੀ ਦ੍ਰਿਸਟਿ ਕਰੂਰਿ॥ ਬੋਲੈ ਕਉੜਾ ਜਿਹਬਾ ਕੀ ਫੂੜਿ॥
ਸਦਾ ਭੂਖੀ ਪਿਰੁ ਜਾਨੈ ਦੂਰਿ॥
ਐਸੀ ਇਸਤ੍ਰੀ ਇਕ ਰਾਮਿ ਉਪਾਈ॥ ਉਨਿ ਸਭੁ ਜਗੁ ਖਾਇਆ ਹਮ ਗੁਰਿ ਰਾਖੇ ਮੇਰੇ ਭਾਈ॥ਰਹਾਉ॥
ਪਾਇ ਠਗਉਲੀ ਸਭੁ ਜਗੁ ਜੋਹਿਆ॥ ਬ੍ਰਹਮਾ ਬਿਸਨੁ ਮਹਾਦੇਉ ਮੋਹਿਆ॥
ਗੁਰਮੁਖਿ ਨਾਮਿ ਲਗੇ ਸੇ ਸੋਹਿਆ॥
ਵਰਤ ਨੇਮ ਕਰਿ ਥਾਕੇ ਪੁਨਹਚਰਨਾ॥ ਤਟ ਤੀਰਥ ਭਵੇ ਸਭ ਧਰਨਾ॥
ਸੇ ਉਬਰੇ ਜਿ ਸਤਿਗੁਰ ਕੀ ਸਰਨਾ॥

ਮਾਇਆ ਮੋਹਿ ਸਭੋ ਜਗੁ ਬਾਧਾ॥ ਹਉਮੈ ਪਚੈ ਮਨਮੁਖ ਮੂਰਾਖਾ॥
ਗੁਰ ਨਾਨਕ ਬਾਹ ਪਕਰਿ ਹਮ ਰਾਖਾ॥ (੩੯੪)

ਮਾਇਆ ਇਸਤਰੀ ਤੋਂ ਭਾਵ ਹੈ ਮਾਇਆਧਾਰੀ ਮਨੁੱਖ। ਮਾਇਆ ਦੇ ਆ ਜਾਣ ਨਾਲ ਮਨੁੱਖ ਹੰਕਾਰੀ ਹੋ ਜਾਂਦਾ ਹੈ ਨਿਰਧਨਾਂ ਨੂੰ ਵੇਖ ਕੇ ਮੱਥੇ ਤੇ ਤਿਉੜੀ ਪਾਉਂਦਾ ਹੈ। ਮਾਇਆਧਾਰੀ ਮਨੁੱਖ ਪ੍ਰਮਾਤਮਾ ਦਾ ਭੈਅ ਵਿਸਾਰ ਬੈਠਦਾ ਹੈ। ਮਾਇਆ ਹੀ ਉਸ ਦਾ ਸਭ ਕੁੱਝ ਬਣ ਜਾਂਦੀ ਹੈ। ਮਾਇਆਧਾਰੀ ਧਨਵਾਨ ਗਰੀਬ ਨੂੰ ਆਉਂਦਾ ਵੇਖ ਕੇ ਮੂੰਹ ਫੇਰ ਲੈਂਦਾ ਹੈ ਅਤੇ ਕਈ ਵਾਰੀ ਨਿਰਧਨ ਵੱਲ ਉਂਜ ਹੀ ਪਿੱਠ ਕਰ ਲੈਂਦਾ ਹੈ ਪਰ ਗਰੀਬ ਆਦਮੀ ਧਨਵਾਨ ਨੂੰ ਸਦਾ ਆਦਰ ਦਿੰਦਾ ਹੈ। ਇੱਕ ਪ੍ਰਭੂ ਪਿਤਾ ਦੇ ਪੁੱਤਰ ਹੋਣ ਕਾਰਨ ਦੋਵੇਂ ਭਰਾ ਹਨ ਪਰ ਮਾਇਆ ਦਾ ਹੰਕਾਰ ਮਨੁੱਖ ਦਾ ਅਜੇਹਾ ਸਿਰ ਫੇਰ ਦਿੰਦਾ ਹੈ ਕਿ ਉਹ ਗਰੀਬ ਭਰਾ ਤੋਂ ਘਿਰਣਾ ਕਰਨ ਲੱਗ ਪੈਂਦਾ ਹੈ। ਸਤਿਗੁਰੂ ਗ੍ਰੰਥ ਸਾਹਿਬ ਜੀ ਦਾ ਫੁਰਮਾਨ ਹੈ ਕਿ ਅਸਲੀ ਨਿਰਧਨ ਉਹ ਹੈ ਜਿਸ ਦਾ ਹਿਰਦਾ ਪ੍ਰਭੂ ਦੇ ਨਾਮ ਤੋਂ ਸੱਖਣਾ ਹੈ:

– ਨਿਰਧਨ ਆਦਰੁ ਕੋਈ ਨ ਦੇਇ॥ ਲਾਖ ਜਤਨ ਕਰੈ ਓਹੁ ਚਿਤਿ ਨ ਧਰੇਇ॥ਰਹਾਉ॥
ਜਉ ਨਿਰਧਨੁ ਸਰਧਨ ਕੈ ਜਾਇ॥ ਆਗੇ ਬੈਠਾ ਪੀਠਿ ਫਿਰਾਇ॥
ਜਉ ਸਰਧਨੁ ਨਿਰਧਨ ਕੈ ਜਾਇ॥ ਦੀਆ ਆਦਰੁ ਲੀਆ ਬੁਲਾਇ॥
ਨਿਰਧਨੁ ਸਰਧਨੁ ਦੋਨਉ ਭਾਈ॥ ਪ੍ਰਭ ਕੀ ਕਲਾ ਨ ਮੇਟੀ ਜਾਈ॥
ਕਹਿ ਕਬੀਰ ਨਿਰਧਨੁ ਹੈ ਸੋਈ॥ ਜਾ ਕੇ ਹਿਰਦੈ ਨਾਮੁ ਨ ਹੋਈ॥ (੧੧੫੯)

– ਜਿਨਿ ਕੀਨੇ ਵਸਿ ਅਪੁਨੈ ਤ੍ਰੈ ਗੁਣ ਭਵਣ ਚਤੁਰ ਸੰਸਾਰਾ॥
ਜਗ ਇਸਨਾਨ ਤਾਪ ਥਾਨ ਖੰਡੇ ਕਿਆ ਇਹੁ ਜੰਤੁ ਵਿਚਾਰਾ॥
ਪ੍ਰਭ ਕੀ ਓਟ ਗਹੀ ਤਉ ਛੂਟੋ॥
ਸਾਧ ਪ੍ਰਸਾਦਿ ਹਰਿ ਹਰਿ ਹਰਿ ਗਾਏ ਬਿਖੈ ਬਿਆਧਿ ਤਬ ਹੂਟੋ॥ਰਹਾਉ॥
ਨਹ ਸੁਣੀਐ ਨਹ ਮੁਖ ਤੇ ਬਕੀਐ ਨਹ ਮੋਹੈ ਉਹ ਡੀਠੀ॥
ਐਸੀ ਠਗਉਰੀ ਪਾਇ ਭੁਲਾਵੈ ਮਨਿ ਸਭ ਕੈ ਲਾਗੈ ਮੀਠੀ॥
ਮਾਇ ਬਾਪ ਪੂਤ ਹਿਤ ਭ੍ਰਾਤਾ ਉਨਿ ਘਰਿ ਘਰਿ ਮੇਲਿਓ ਦੂਆ॥
ਕਿਸ ਹੀ ਵਾਧਿ ਘਾਟਿ ਕਿਸ ਹੀ ਪਹਿ ਸਗਲੇ ਲਰਿ ਲਰਿ ਮੂਆ॥
ਹਉ ਬਲਿਹਾਰੀ ਸਤਿਗੁਰ ਅਪੁਨੇ ਜਿਨਿ ਇਹੁ ਚਲਤੁ ਦਿਖਾਇਆ॥
ਗੂਝੀ ਭਾਹਿ ਜਲੈ ਸੰਸਾਰਾ ਭਗਤ ਨ ਬਿਆਪੈ ਮਾਇਆ॥
ਸੰਤ ਪ੍ਰਸਾਦਿ ਮਹਾ ਸੁਖੁ ਪਾਇਆ ਸਗਲੇ ਬੰਧਨ ਕਾਟੇ॥
ਹਰਿ ਹਰਿ ਨਾਮੁ ਨਾਨਕ ਧਨੁ ਪਾਇਆ ਅਪੁਨੈ ਘਰਿ ਲੈ ਆਇਆ ਖਾਟੇ॥ (੬੭੩)

– ਜਿਨਿ ਲਾਈ ਪ੍ਰੀਤਿ ਸੋਈ ਫਿਰਿ ਖਾਇਆ॥ ਜਿਨਿ ਸੁਖਿ ਬੈਠਾਲੀ ਤਿਸੁ ਭਉ ਬਹੁਤੁ ਦਿਖਾਇਆ॥
ਭਾਈ ਮੀਤ ਕੁਟੰਬ ਦੇਖਿ ਬਿਬਾਦੇ॥ ਹਮ ਆਈ ਵਸਗਤਿ ਗੁਰ ਪਰਸਾਦੇ॥
ਐਸਾ ਦੇਖਿ ਬਿਮੋਹਿਤ ਹੋਏ॥ ਸਾਧਿਕ ਸਿਧ ਸੁਰਦੇਵ ਮਨੁਖਾ ਬਿਨੁ ਸਾਧੂ ਸਭਿ ਧ੍ਰੋਹਨਿ ਧ੍ਰੋਹੇ॥ਰਹਾਉ॥
ਇਕਿ ਫਿਰਹਿ ਉਦਾਸੀ ਤਿਨ੍ ਕਾਮਿ ਵਿਆਪੈ॥ ਇਕਿ ਸੰਚਹਿ ਗਿਰਹੀ ਤਿਨ੍ ਹੋਇ ਨ ਆਪੈ॥
ਇਕਿ ਸਤੀ ਕਹਾਵਹਿ ਤਿਨ੍ ਬਹੁਤੁ ਕਲਪਾਵੈ॥ ਹਮ ਹਰਿ ਰਾਖੇ ਲਗਿ ਸਤਿਗੁਰ ਪਾਵੈ॥
ਤਪੁ ਕਰਤੇ ਤਪਸੀ ਭੁਲਾਏ॥ ਪੰਡਿਤ ਮੋਹੇ ਲੋਭਿ ਸਬਾਏ॥
ਤ੍ਰੈ ਗੁਣ ਮੋਹੇ ਮੋਹਿਆ ਆਕਾਸੁ॥ ਹਮ ਸਤਿਗੁਰ ਰਾਖੇ ਦੇ ਕਰਿ ਹਾਥੁ॥
ਗਿਆਨੀ ਕੀ ਹੋਇ ਵਰਤੀ ਦਾਸਿ॥ ਕਰ ਜੋੜੇ ਸੇਵਾ ਕਰੇ ਅਰਦਾਸਿ॥
ਜੋ ਤੂੰ ਕਹਹਿ ਸੁ ਕਾਰ ਕਮਾਵਾ॥ ਜਨ ਨਾਨਕ ਗੁਰਮੁਖ ਨੇੜਿ ਨ ਆਵਾ॥ (੩੭੦)

– ਇਸੁ ਜਰ ਕਾਰਣਿ ਘਣੀ ਵਿਗੁਤੀ ਇਨਿ ਜਰ ਘਣੀ ਖੁਆਈ॥

ਪਾਪਾ ਬਾਝਹੁ ਹੋਵੈ ਨਾਹੀ ਮੁਇਆ ਸਾਥਿ ਨ ਜਾਈ॥
ਜਿਸ ਨੋ ਆਪਿ ਖੁਆਏ ਕਰਤਾ ਖੁਸਿ ਲਏ ਚੰਗਿਆਈ॥ (੪੧੭)

## ਮਾਇਆ ਬਿਖਿਆ (ਜ਼ਹਿਰ)

ਸਤਿਗੁਰਾਂ ਨੇ ਮਾਇਆ ਨੂੰ ਬਿਖਿਆ ਭਾਵ ਜ਼ਹਿਰ ਫੁਰਮਾਇਆ ਹੈ।

- ਜੀਵਤ ਛਾਡਿ ਜਾਹਿ ਦੇਵਾਨੇ॥ ਮੁਇਆ ਉਨ ਤੇ ਕੋ ਵਰਸਾਂਨੇ॥
ਸਿਮਰਿ ਗੋਵਿੰਦੁ ਮਨਿ ਤਨਿ ਧੁਰਿ ਲਿਖਿਆ॥ ਕਾਹੂ ਕਾਜ ਨ ਆਵਤ ਬਿਖਿਆ॥ਰਹਾਉ॥
ਬਿਖੈ ਠਗਉਰੀ ਜਿਨਿ ਜਿਨਿ ਖਾਈ॥ ਤਾ ਕੀ ਤ੍ਰਿਸਨਾ ਕਬਹੂੰ ਨ ਜਾਈ॥
ਦਾਰਨ ਦੁਖ ਦੁਤਰ ਸੰਸਾਰੁ॥ ਰਾਮ ਨਾਮ ਬਿਨੁ ਕੈਸੇ ਉਤਰਸਿ ਪਾਰਿ॥
ਸਾਧਸੰਗਿ ਮਿਲਿ ਦੁਇ ਕੁਲ ਸਾਧਿ॥ ਰਾਮ ਨਾਮ ਨਾਨਕ ਆਰਾਧਿ॥ (੧੯੯)

- ਕਾਏਂ ਰੇ ਮਨ ਬਿਖਿਆ ਬਨ ਜਾਇ॥ ਭੂਲੌ ਰੇ ਠਗਮੂਰੀ ਖਾਇ॥ਰਹਾਉ॥
ਜੈਸੇ ਮੀਨੁ ਪਾਨੀ ਮਹਿ ਰਹੈ॥ ਕਾਲ ਜਾਲ ਕੀ ਸੁਧਿ ਨਹੀ ਲਹੈ॥
ਜਿਹਬਾ ਸੁਆਦੀ ਲੀਲਿਤ ਲੋਹ॥ ਐਸੇ ਕਨਿਕ ਕਾਮਨੀ ਬਾਧਿਓ ਮੋਹ॥
ਜਿਉ ਮਧੁ ਮਾਖੀ ਸੰਚੈ ਅਪਾਰ॥ ਮਧੁ ਲੀਨੋ ਮੁਖਿ ਦੀਨੀ ਛਾਰੁ॥
ਗਊ ਬਾਛ ਕਉ ਸੰਚੈ ਖੀਰੁ॥ ਗਲਾ ਬਾਂਧਿ ਦੁਹਿ ਲੇਇ ਅਹੀਰੁ॥
ਮਾਇਆ ਕਾਰਨਿ ਸ੍ਰਮੁ ਅਤਿ ਕਰੈ॥ ਸੋ ਮਾਇਆ ਲੈ ਗਾਡੈ ਧਰੈ॥
ਅਤਿ ਸੰਚੈ ਸਮਝੈ ਨਹੀ ਮੂੜ੍॥ ਧਨੁ ਧਰਤੀ ਤਨੁ ਹੋਇ ਗਇਓ ਧੂੜਿ॥
ਕਾਮ ਕ੍ਰੋਧ ਤ੍ਰਿਸਨਾ ਅਤਿ ਜਰੈ॥ ਸਾਧਸੰਗਤਿ ਕਬਹੂ ਨਹੀ ਕਰੈ॥
ਕਹਤ ਨਾਮਦੇਉ ਤਾ ਚੀ ਆਣਿ॥ ਨਿਰਭੈ ਹੋਇ ਭਜੀਐ ਭਗਵਾਨ॥ (੧੨੫੨)

- ਮਿਠਾ ਕਰਿ ਕੈ ਖਾਇਆ ਕਉੜਾ ਉਪਜਿਆ ਸਾਦੁ॥ ਭਾਈ ਮੀਤ ਸੁਰਿਦ ਕੀਏ ਬਿਖਿਆ ਰਚਿਆ ਬਾਦੁ॥
ਜਾਂਦੇ ਬਿਲਮ ਨ ਹੋਵਈ ਵਿਣੁ ਨਾਵੈ ਬਿਸਮਾਦੁ॥
ਮੇਰੇ ਮਨ ਸਤਗੁਰ ਕੀ ਸੇਵਾ ਲਾਗੁ॥ ਜੋ ਦੀਸੈ ਸੋ ਵਿਣਸਣਾ ਮਨ ਕੀ ਮਤਿ ਤਿਆਗੁ॥ਰਹਾਉ॥
ਜਿਉ ਕੂਕਰੁ ਹਰਕਾਇਆ ਧਾਵੈ ਦਹ ਦਿਸ ਜਾਇ॥ ਲੋਭੀ ਜੰਤੁ ਨ ਜਾਣਈ ਭਖੁ ਅਭਖੁ ਸਭ ਖਾਇ॥
ਕਾਮ ਕ੍ਰੋਧ ਮਦਿ ਬਿਆਪਿਆ ਫਿਰਿ ਫਿਰਿ ਜੋਨੀ ਪਾਇ॥
ਮਾਇਆ ਜਾਲੁ ਪਸਾਰਿਆ ਭੀਤਰਿ ਚੋਗ ਬਣਾਇ॥ ਤ੍ਰਿਸਨਾ ਪੰਖੀ ਫਾਸਿਆ ਨਿਕਸੁ ਨ ਪਾਏ ਮਾਇ॥
ਜਿਨਿ ਕੀਤਾ ਤਿਸਹਿ ਨ ਜਾਣਈ ਫਿਰਿ ਫਿਰਿ ਆਵੈ ਜਾਇ॥
ਅਨਿਕ ਪ੍ਰਕਾਰੀ ਮੋਹਿਆ ਬਹੁ ਬਿਧਿ ਇਹੁ ਸੰਸਾਰੁ॥ ਜਿਸ ਨੋ ਰਖੈ ਸੋ ਰਹੈ ਸੰਮ੍ਰਿਥੁ ਪੁਰਖੁ ਅਪਾਰੁ॥
ਹਰਿ ਜਨ ਹਰਿ ਲਿਵ ਉਧਰੇ ਨਾਨਕ ਸਦ ਬਲਿਹਾਰੁ॥ (੫੦)

ਇਸ ਜਗਤ ਨੂੰ ਮਾਇਆ ਨੇ ਅਨੇਕਾਂ ਕਿਸਮਾਂ ਦੇ ਰੂਪਾਂ ਰੰਗਾਂ ਵਿੱਚ ਕਈ ਤਰੀਕਿਆਂ ਨਾਲ ਮੋਹ ਰੱਖਿਆ ਹੈ। ਜਿਸ ਵਿੱਚੋਂ ਉਹੀ ਬਚ ਸਕਦਾ ਹੈ ਜਿਸ ਨੂੰ ਸਭ ਸਮਰੱਥਾ ਵਾਲਾ ਬੇਅੰਤ ਅਕਾਲ ਪੁਰਖ ਆਪ ਬਚਾਏ। ਪ੍ਰਮਾਤਮਾ ਦੀ ਮਿਹਰ ਨਾਲ ਪ੍ਰਮਾਤਮਾ ਦੇ ਭਗਤ ਹੀ ਪ੍ਰਮਾਤਮਾ ਦੇ ਚਰਨਾਂ ਵਿੱਚ ਸੁਰਤਿ ਜੋੜ ਕੇ ਬਚਦੇ ਹਨ। ਹੇ ਨਾਨਕ! ਤੂੰ ਸਦਾ ਉਸ ਪ੍ਰਮਾਤਮਾ ਦਾ ਹੋ ਸਕਦਾ ਹੈਂ।

- ਬਿਖਿਆ ਕਾ ਸਭੁ ਧੰਧੁ ਪਸਾਰੁ॥ ਵਿਰਲੈ ਕੀਨੋ ਨਾਮ ਅਧਾਰੁ॥ਰਹਾਉ॥
ਤ੍ਰਿਬਿਧਿ ਮਾਇਆ ਰਹੀ ਬਿਆਪਿ॥ ਜੋ ਲਪਟਾਨੋ ਤਿਸੁ ਦੂਖ ਸੰਤਾਪ॥
ਸੁਖੁ ਨਾਹੀ ਬਿਨੁ ਨਾਮ ਧਿਆਏ॥ ਨਾਮ ਨਿਧਾਨੁ ਬਡਭਾਗੀ ਪਾਏ॥ (੧੧੪੫)

ਅਗਲੇ ਗੁਰੂ ਸ਼ਬਦ ਵਿੱਚ ਉਚੇਰੇ ਧਿਆਨ ਦੇਣ ਵਾਲੀ ਗੱਲ ਇਹ ਹੈ ਕਿ ਦੇਵਤਿਆਂ ਨੂੰ ਵੀ ਮਨੁੱਖਾਂ ਵਾਂਗ ਹੀ ਮਾਇਆ ਮੋਹ ਵਿੱਚ ਫਸੇ ਹੋਏ ਖੱਜਲ ਖੁਆਰ ਹੁੰਦੇ ਦਰਸਾਇਆ ਹੈ:

– ਬਿਖਿਆ ਬਿਆਪਿਆ ਸਗਲ ਸੰਸਾਰੁ॥ ਬਿਖਿਆ ਲੈ ਡੂਬੀ ਪਰਵਾਰੁ॥
ਰੇ ਨਰ ਨਾਵ ਚਉੜਿ ਕਤ ਬੋੜੀ॥ ਹਰਿ ਸਿਉ ਤੋੜਿ ਬਿਖਿਆ ਸੰਗਿ ਜੋੜੀ॥ਰਹਾਉ॥
ਸੁਰਿ ਨਰ ਦਾਧੇ ਲਾਗੀ ਆਗਿ॥ ਨਿਕਟਿ ਨੀਰੁ ਪਸੁ ਪੀਵਸਿ ਨ ਝਾਗਿ॥
ਚੇਤਤ ਚੇਤਤ ਨਿਕਸਿਓ ਨੀਰੁ॥ ਸੋ ਜਲੁ ਨਿਰਮਲੁ ਕਥਤ ਕਬੀਰੁ॥ (੩੨੯)

ਸਤਿਗੁਰਾਂ ਦਾ ਫੁਰਮਾਨ ਹੈ ਕਿ ਜੇ ਸਾਡੀ ਜੀਭ ਸਦਾ ਪ੍ਰਮਾਤਮਾ ਦੇ ਗੁਣ ਗਾਉਣ ਗਿੱਝ ਜਾਵੇ ਅਥਵਾ ਹਿਰਦਾ ਪ੍ਰਮਾਤਮਾ ਦੀ ਸਦੀਵੀ ਯਾਦ ਨਾਲ ਜੁੜ ਜਾਵੇ ਤਾਂ ਸਾਰੇ ਦੁੱਖਾਂ ਦਾ ਨਾਸ ਹੋ ਜਾਂਦਾ ਹੈ:

– ਰਸਨਾ ਗੁਣ ਗੋਪਾਲ ਨਿਧਿ ਗਾਇਣ॥ ਸਾਂਤਿ ਸਹਜੁ ਰਹਸੁ ਮਨਿ ਉਪਜਿਓ ਸਗਲੇ ਦੂਖ ਪਲਾਇਣ॥ (੭੧੩)

– ਰਾਜ ਕਪਟੰ ਰੂਪ ਕਪਟੰ ਧਨ ਕਪਟੰ ਕੁਲ ਗਰਬਤਹ॥
ਸੰਚੰਤਿ ਬਿਖਿਆ ਛਲੰ ਛਿਦ੍ਰੰ ਨਾਨਕ ਬਿਨੁ ਹਰਿ ਸੰਗਿ ਨ ਚਾਲਤੇ॥
ਪੇਖੰਦੜੋ ਕੀ ਭੁਲੁ ਤੁੰਮਾ ਦਿਸਮੁ ਸੋਹਣਾ॥
ਅਚੁ ਨ ਲਹੰਦੜੋ ਮੁਲੁ ਨਾਨਕ ਸਾਥਿ ਨ ਜੁਲਈ ਮਾਇਆ॥ (੭੦੯)

## ਮਾਇਆ ਨਾਗਣੀ (ਸਰਪਨੀ, ਭੁਇਅੰਗ)

– ਮਾਇਆ ਹੋਈ ਨਾਗਨੀ ਜਗਤਿ ਰਹੀ ਲਪਟਾਇ॥ ਇਸ ਕੀ ਸੇਵਾ ਜੋ ਕਰੇ ਤਿਸ ਹੀ ਕਉ ਫਿਰਿ ਖਾਇ॥
ਗੁਰਮੁਖਿ ਕੋਈ ਗਾਰੜੂ ਤਿਨਿ ਮਲਿ ਦਲਿ ਲਾਈ ਪਾਇ॥
ਨਾਨਕ ਸੇਈ ਉਬਰੇ ਜਿ ਸਚਿ ਰਹੇ ਲਿਵ ਲਾਇ॥ (੫੧੦)

– ਸਰਪਨੀ ਤੇ ਊਪਰਿ ਨਹੀ ਬਲੀਆ॥ ਜਿਨਿ ਬ੍ਰਹਮਾ ਬਿਸਨੁ ਮਹਾਦੇਉ ਛਲੀਆ॥
ਮਾਰੁ ਮਾਰੁ ਸ੍ਰਪਨੀ ਨਿਰਮਲ ਜਲਿ ਪੈਠੀ॥ ਜਿਨਿ ਤ੍ਰਿਭਵਣੁ ਡਸੀਅਲੇ ਗੁਰ ਪ੍ਰਸਾਦਿ ਡੀਠੀ॥ਰਹਾਉ॥
ਸ੍ਰਪਨੀ ਸ੍ਰਪਨੀ ਕਿਆ ਕਹਉ ਭਾਈ॥ ਜਿਨਿ ਸਾਚੁ ਪਛਾਨਿਆ ਤਿਨਿ ਸ੍ਰਪਨੀ ਖਾਈ॥
ਸ੍ਰਪਨੀ ਤੇ ਆਨ ਛੂਛ ਨਹੀ ਅਵਰਾ॥ ਸ੍ਰਪਨੀ ਜੀਤੀ ਕਹਾ ਕਰੈ ਜਮਰਾ॥
ਇਹ ਸ੍ਰਪਨੀ ਤਾ ਕੀ ਕੀਤੀ ਹੋਈ॥ ਬਲੁ ਅਬਲੁ ਕਿਆ ਇਸ ਤੇ ਹੋਈ॥
ਇਹ ਬਸਤੀ ਤਾ ਬਸਤ ਸਰੀਰਾ॥ ਗੁਰ ਪ੍ਰਸਾਦਿ ਸਹਜਿ ਤਰੇ ਕਬੀਰਾ॥ (੪੮੦)

– ਮਾਇਆ ਭੁਇਅੰਗਮੁ ਸਰਪੁ ਹੈ ਜਗੁ ਘੇਰਿਆ ਬਿਖੁ ਮਾਇ॥
ਬਿਖੁ ਕਾ ਮਾਰਣੁ ਹਰਿ ਨਾਮੁ ਹੈ ਗੁਰ ਗਰੁੜ ਸਬਦੁ ਮੁਖਿ ਪਾਇ॥
ਜਿਨ ਕਉ ਪੂਰਬਿ ਲਿਖਿਆ ਤਿਨ ਸਤਿਗੁਰੁ ਮਿਲਿਆ ਆਇ॥
ਮਿਲਿ ਸਤਿਗੁਰ ਨਿਰਮਲੁ ਹੋਇਆ ਬਿਖੁ ਹਉਮੈ ਗਇਆ ਬਿਲਾਇ॥
ਗੁਰਮੁਖਾ ਕੇ ਮੁਖ ਉਜਲੇ ਹਰਿ ਦਰਗਹ ਸੋਭਾ ਪਾਇ॥
ਜਨ ਨਾਨਕੁ ਸਦਾ ਕੁਰਬਾਨੁ ਤਿਨ ਜੋ ਚਾਲਹਿ ਸਤਿਗੁਰ ਭਾਇ॥ (੧੪੧੫)

– ਬਿਸੀਅਰ ਬਿਸੂ ਭਰੇ ਹੈ ਪੂਰਨ ਗੁਰੁ ਗਰੁੜ ਸਬਦੁ ਮੁਖਿ ਪਾਵੈਗੋ॥
ਮਾਇਆ ਭੁਇਅੰਗ ਤਿਸੁ ਨੇੜਿ ਨ ਆਵੈ ਬਿਖੁ ਝਾਰਿ ਝਾਰਿ ਲਿਵ ਲਾਵੈਗੋ॥ (੧੩੧੦)

– ਸਤਿਗੁਰੁ ਸਾਜਨੁ ਪੁਰਖੁ ਵਡ ਪਾਇਆ ਹਰਿ ਰਸਕਿ ਰਸਕਿ ਫਲ ਲਾਗਿਬਾ॥

ਮਾਇਆ ਭੁਇਅੰਗ ਗ੍ਰਸਿਓ ਹੈ ਪ੍ਰਾਣੀ ਗੁਰ ਬਚਨੀ ਬਿਸੁ ਹਰਿ ਕਾਢਿਬਾ॥ (੬੯੭)

– ਮਾਇਆ ਬਿਖੁ ਭੁਇਅੰਗਮ ਨਾਲੇ॥ ਇਨਿ ਦੁਬਿਧਾ ਘਰ ਬਹੁਤੇ ਗਾਲੇ॥
ਸਤਿਗੁਰ ਬਾਝਹੁ ਪ੍ਰੀਤਿ ਨ ਉਪਜੈ ਭਗਤਿ ਰਤੇ ਪਤੀਆਰਾ ਹੇ॥ (੧੦੨੯)

– ਪਾਇਆ ਵੇੜੁ ਮਾਇਆ ਸਰਬ ਭੁਇਅੰਗਾ॥ ਹਉਮੈ ਪਚੇ ਦੀਪਕ ਦੇਖਿ ਪਤੰਗਾ॥
ਸਗਲ ਸੀਗਾਰ ਕਰੇ ਨਹੀ ਪਾਵੈ॥ ਜਾ ਹੋਇ ਕ੍ਰਿਪਾਲੁ ਤਾ ਗੁਰੂ ਮਿਲਾਵੈ॥ (੮੦੧)

– ਮਨਮੁਖ ਕੋਠੀ ਅਗਿਆਨੁ ਅੰਧੇਰਾ ਤਿਨ ਘਰਿ ਰਤਨੁ ਨ ਲਾਖਾ॥
ਤੇ ਊਝੜਿ ਭਰਮਿ ਮੁਏ ਗਾਵਾਰੀ ਮਾਇਆ ਭੁਅੰਗ ਬਿਖੁ ਚਾਖਾ॥ (੬੯੬)

## ਮਾਇਆ ਦਾ ਮੋਹ

ਸਤਿਗੁਰਾਂ ਨੇ ਬੇਅੰਤ ਫੁਰਮਾਨਾਂ ਦੁਆਰਾ ਸਪੱਸ਼ਟ ਕੀਤਾ ਹੈ ਕਿ ਮਾਇਆ ਅਜੇਹੀ ਜ਼ਹਿਰੀਲੀ ਨਾਗਿਨ ਹੈ ਜੋ ਮਨੁੱਖ ਦੇ ਆਤਮਿਕ ਜੀਵਨ ਵਾਲੇ ਸ਼ੁਭ ਗੁਣਾਂ ਨੂੰ ਨਸ਼ਟ ਕਰ ਦਿੰਦੀ ਹੈ। ਕਿੱਡੀ ਬਦਕਿਸਮਤੀ ਹੈ ਕਿ ਮਨੁੱਖ ਦਾ ਸਭ ਤੋਂ ਵੱਧ ਮੋਹ ਉਸੇ ਮਾਇਆ ਨਾਲ ਹੀ ਹੈ।

– ਮਾਇਆ ਮੋਹਿ ਸਗਲ ਜਗੁ ਛਾਇਆ॥ ਕਾਮਣਿ ਦੇਖਿ ਕਾਮਿ ਲੋਭਾਇਆ॥
ਸੁਤ ਕੰਚਨ ਸਿਉ ਹੇਤੁ ਵਧਾਇਆ॥ ਸਭੁ ਕਿਛੁ ਅਪਨਾ ਇਕੁ ਰਾਮੁ ਪਰਾਇਆ॥ (੧੩੪੨)

– ਮਾਇਆ ਮੋਹੁ ਅਗਿਆਨੁ ਗੁਬਾਰੁ॥ ਮਨਮੁਖ ਮੋਹੇ ਮੁਗਧ ਗਵਾਰ॥
ਅਨਦਿਨੁ ਧੰਧਾ ਕਰਤ ਵਿਹਾਇ॥ ਮਰਿ ਮਰਿ ਜੰਮਹਿ ਮਿਲੈ ਸਜਾਇ॥ (੧੨੬੨)

– ਕਉਡੀ ਬਦਲੈ ਤਿਆਗੈ ਰਤਨੁ॥ ਛੋਡਿ ਜਾਇ ਤਾਹੂ ਕਾ ਜਤਨੁ॥
ਸੋ ਸੰਚੈ ਜੋ ਹੋਛੀ ਬਾਤ॥ ਮਾਇਆ ਮੋਹਿਆ ਟੇਢਉ ਜਾਤ॥ ਅਭਾਗੇ ਤੈ ਲਾਜ ਨਾਹੀ॥
ਸੁਖ ਸਾਗਰ ਪੂਰਨ ਪਰਮੇਸਰੁ ਹਰਿ ਨ ਚੇਤਿਓ ਮਨ ਮਾਹੀ॥ਰਹਾਉ॥ (੮੬੨)

– ਮਾਇਆ ਮਨਹੁ ਨ ਵੀਸਰੈ ਮਾਂਗੈ ਦੰਮਾ ਦੰਮ॥ ਸੋ ਪ੍ਰਭੁ ਚਿਤਿ ਨ ਆਵਈ ਨਾਨਕ ਨਹੀ ਕਰੰਮ॥ (੧੦੯੩)

ਮਾਇਆ ਵਿੱਚ ਫਸੇ ਰਹਿਣ ਵਾਲੀ ਮਨ ਦੀ ਇਸ ਹਾਲਤ ਨੂੰ ਦਰਸਾ ਕੇ ਪ੍ਰਭੂ ਦਾ ਚੇਤਾ ਕਰਾਉਣ ਲਈ ਸਤਿਗੁਰਾਂ ਨੇ ਏਹੀ ਸਲੋਕ ਦੂਜੀ ਵਾਰ ''ਵਾਰਾਂ ਤੋਂ ਵਧੀਕ'' ਬਾਣੀ ਵਿੱਚ ਵੀ ਲਿਖਿਆ ਹੈ:

– ਮਾਇਆ ਮਨਹੁ ਨ ਵੀਸਰੈ ਮਾਂਗੈ ਦੰਮਾਂ ਦੰਮ॥ ਸੋ ਪ੍ਰਭੁ ਚਿਤਿ ਨ ਆਵਈ ਨਾਨਕ ਨਹੀ ਕਰੰਮ॥ (੧੪੨੬)

ਇਸ ਮਾਇਆ ਦੇ ਮੋਹ ਦੀ ਅਸਲੀਅਤ ਦਾ ਪਤਾ ਗੁਰਮੁਖਾਂ ਨੂੰ ਹੀ ਲੱਗਦਾ ਹੈ।

– ਮਾਇਆ ਮੋਹਿ ਨਟਿ ਬਾਜੀ ਪਾਈ॥ ਮਨਮੁਖ ਅੰਧ ਰਹੇ ਲਪਟਾਈ॥
ਗੁਰਮੁਖਿ ਅਲਿਪਤ ਰਹੇ ਲਿਵ ਲਾਈ॥ (੨੩੦)

ਚਾਹੀਦਾ ਤਾਂ ਇਹ ਸੀ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਕੀਮਤੀ ਉਪਦੇਸ਼ਾਂ ਤੋਂ ਸਿੱਖਿਆ ਲੈ ਕੇ ਸਿੱਖ ਉੱਚੇ ਆਚਰਣ ਦੇ ਮਾਲਕ ਬਣਦੇ ਭਾਵ ਗੁਰੂ ਗਿਆਨ ਦੁਆਰਾ ਉਚੇਰੀ ਜੀਵਨ ਜੁਗਤੀ ਦੇ ਮਾਲਕ ਬਣਦੇ ਤਾਂ ਕਿ ਉਨ੍ਹਾਂ ਨੂੰ ਵੇਖ ਕੇ ਸੰਸਾਰ ਦਾ ਹਰ ਮਨੁੱਖ ਗੁਰੂ ਨਾਨਕ ਸਾਹਿਬ ਦਾ ਸਿੱਖ ਬਣਨ ਲਈ ਕਾਹਲਾ ਪੈਂਦਾ। ਪਰ ਮਾਇਆ ਦੇ ਮੋਹ ਕਾਰਨ ਸਿੱਖ ਦੀ ਘਰੋਗੀ ਵਿਗੜੀ ਜੀਵਨ ਜੁਗਤੀ ਦਾ ਤਾਂ ਕਹਿਣਾ ਹੀ ਕੀ ਹੈ, ਗੁਰਦੁਆਰਿਆਂ ਵਿੱਚ ਮਾਇਆ ਨਾਗਣੀ ਦਾ ਅਜੇਹਾ ਸ਼ਰਮਸਾਰ ਨੰਗਾ ਨਾਚ ਵੇਖ ਸੁਣ ਕੇ ਲੋਕੀਂ ਸਿੱਖੀ ਨੂੰ ਹੀ ਮਖੌਲ ਕਰ ਰਹੇ ਹੁੰਦੇ ਹਨ। ਗੁਰਦੁਆਰਾ ਕਮੇਟੀ ਚੌਧਰ ਰੂਪੀ ਮਾਇਆ ਤੇ ਜੱਫਾ ਪਾ ਲੈਣ ਦੀ ਭੁੱਖ ਵਿੱਚ ਅਰੰਭੀਆਂ ਦੌੜਾਂ ਦੇ ਕਾਰਨ ਸੰਸਾਰ ਦੇ ਲੱਗਪਗ ਸਾਰੇ ਗੁਰੂ

ਘਰਾਂ ਦੀ ਸੰਗਤ ਆਪਸੀ ਫੁੱਟ ਵਿੱਚ ਅਜੇਹੀ ਵੰਡੀ ਹੋਈ ਹੈ ਕਿ ਕਈ-ਕਈ ਧੜੇ ਬਣ ਚੁੱਕੇ ਹਨ। ਅੱਜ ਕਿਸੇ ਵੀ ਗੁਰੂ ਦਰਬਾਰ ਬਾਰੇ ਯਕੀਨ ਨਾਲ ਨਹੀਂ ਕਿਹਾ ਜਾ ਸਕਦਾ ਕਿ ਉਥੇ ਗੁਰੂ ਦੀ ਹਜ਼ੂਰੀ ਵਿੱਚ ਬੋਲ-ਕਬੋਲ, ਹੂਰਾ ਮੁੱਕੀ ਆਦਿ ਕਦੇ ਨਾ ਹੋਇਆ ਹੋਵੇ। ਸਤਿਗੁਰਾਂ ਦਾ ਆਦਰ ਸਤਿਕਾਰ ਭੁੱਲਕੇ ਇੱਕ ਦੂਜੇ ਦੀ ਪਿੱਠ ਲਾਉਣ ਵਿੱਚ ਮੋਹਰੀ ਹੋਣਾ, ਗੁਰੂ ਸੰਗਤ ਵੱਲੋਂ ਚੁਣੀਆਂ ਪ੍ਰਬੰਧਕ ਕਮੇਟੀਆਂ ਦਾ ਧਰਮ ਬਣ ਚੁੱਕਾ ਹੈ। ਮਾਇਆ ਦੇ ਮੋਹ ਨੇ ਉਸ ਗੁਰੂ ਦੇ ਸਿੱਖ ਦਾ ਗਿਆਨ ਰਤਨ ਚੁਰਾ ਲਿਆ ਹੋਇਆ ਹੈ ਜਿਸ ਅਨੂਪਮ ਸਤਿਗੁਰਾਂ ਦਾ ਫੁਰਮਾਨ ਚੇਤਾਵਨੀ ਦੇ ਰਿਹਾ ਹੈ ਕਿ ਹੇ ਭਾਈ! ਮਾਇਆ ਦੇ ਮੋਹ ਵਿੱਚ ਨਾ ਫਸ, ਇਸ ਦੇ ਮੋਹ ਵਿੱਚ ਫਸ ਕੇ ਤੂੰ ਆਪਣਾ ਗਿਆਨ ਰੂਪੀ ਰਤਨ ਗੁਆ ਕੇ ਪਤੰਗੇ ਪਸ਼ੂਆਂ ਵਾਂਗ ਅੱਗ ਵਿੱਚ ਪੈ ਮਰੇਂਗਾ:

**- ਬਾਬਾ ਮਾਇਆ ਮੋਹ ਹਿਤੁ ਕੀਨ੍॥ ਜਿਨਿ ਗਿਆਨੁ ਰਤਨੁ ਹਿਰਿ ਲੀਨ੍॥ਰਹਾਉ॥**
**ਨੈਨ ਦੇਖਿ ਪਤੰਗੁ ਉਰਝੈ ਪਸੁ ਨ ਦੇਖੈ ਆਗਿ॥**
**ਕਾਲ ਫਾਸ ਨ ਮੁਗਧੁ ਚੇਤੈ ਕਨਿਕ ਕਾਮਿਨਿ ਲਾਗਿ॥ (੪੯੨)**

## ਬਾਬਾ ਮਾਇਆ ਸਾਥਿ ਨ ਹੋਇ

ਹਿੰਦੂ ਧਰਮ ਦੇ ਆਦਿ ਗੁਰੂ ਬਿਪ੍ਰ ਜੀ ਨੇ ਮਾਇਆ ਨੂੰ ਵਿਸ਼ਨੂੰ ਭਗਵਾਨ ਦੀ ਘਰ ਦੀ ਦੱਸਕੇ ਇਸ ਦੀ ਪੂਜਾ ਕਰਵਾਉਣੀ ਅਰੰਭ ਕੀਤੀ ਹੋਈ ਹੈ। ਦੀਵਾਲੀ ਵਾਲੇ ਦਿਨ ਮਾਇਆਧਾਰੀ ਇਸ ਦੇਵੀ ਦੀ ਉਚੇਚੀ ਪੂਜਾ ਕਰਦਾ ਹੈ। ਜਿੰਨੀ ਮਰਜ਼ੀ ਇਸ ਦੀ ਪੂਜਾ ਕਰੋ ਪਰ ਇਸ ਕਥਿਤ ਲੱਛਮੀ ਦੇਵੀ ਨੇ ਸਾਥ ਨਹੀਂ ਨਿਭਾਉਣਾ। ਸਗੋਂ ਜਿਸ ਮਨੁੱਖ ਨੂੰ ਵੀ ਲੋੜ ਤੋਂ ਵੱਧ ਇਸ ਮਾਇਆ ਦੇਵੀ ਦੇ ਖੁੱਲ੍ਹੇ ਦਰਸ਼ਨ ਹੋਏ ਉਹ ਹੰਕਾਰੀ ਅਤੇ ਵਿਕਾਰੀ ਬਣ ਕੇ ਬਦਨਾਮ ਹੋਇਆ ਅਤੇ ਪ੍ਰਭੂ ਦੀ ਨੇੜਤਾ ਪ੍ਰਾਪਤ ਨਾ ਕਰ ਸਕਿਆ। ਸਤਿਗੁਰਾਂ ਦਾ ਫੁਰਮਾਨ ਹੈ ਕਿ ਜਿਸ ਮਾਇਆ ਨੇ ਸਾਰੇ ਜਗਤ ਨੂੰ ਆਪਣੇ ਮੋਹ ਜਾਲ ਵਿੱਚ ਫਸਾਇਆ ਹੋਇਆ ਹੈ ਉਹ ਕਦੇ ਸਾਥ ਨਹੀਂ ਨਿਭਦੀ।

**- ਬਾਬਾ ਮਾਇਆ ਸਾਥਿ ਨ ਹੋਇ॥ ਇਨਿ ਮਾਇਆ ਜਗੁ ਮੋਹਿਆ ਵਿਰਲਾ ਬੂਝੈ ਕੋਇ॥ (੫੯੫)**

ਆਓ ਗੁਰਮਤਿ ਦੇ ਇਸ ਸਿਧਾਂਤ ਨੂੰ ਦ੍ਰਿੜ੍ਹ ਕਰਕੇ ਗੁਰੂ ਉਪਦੇਸ਼ ਨੂੰ ਆਪਣੇ ਜੀਵਨ ਵਿੱਚ ਢਾਲਣ ਜੋਗੇ ਬਣਨ ਦਾ ਯਤਨ ਕਰੀਏ:

**- ਮਨ ਕਾ ਕਹਿਆ ਮਨਸਾ ਕਰੈ॥ ਇਹੁ ਮਨੁ ਪੁੰਨੁ ਪਾਪੁ ਉਚਰੈ॥**
**ਮਾਇਆ ਮਦਿ ਮਾਤੇ ਤ੍ਰਿਪਤਿ ਨ ਆਵੈ॥ ਤ੍ਰਿਪਤਿ ਮੁਕਤਿ ਮਨਿ ਸਾਚਾ ਭਾਵੈ॥**
**ਤਨੁ ਧਨੁ ਕਲਤੁ ਸਭੁ ਦੇਖੁ ਅਭਿਮਾਨਾ॥ ਬਿਨੁ ਨਾਵੈ ਕਿਛੁ ਸੰਗਿ ਨ ਜਾਨਾ॥ਰਹਾਉ॥**
**ਕੀਚਹਿ ਰਸ ਭੋਗ ਖੁਸੀਆ ਮਨ ਕੇਰੀ॥ ਧਨੁ ਲੋਕਾਂ ਤਨੁ ਭਸਮੈ ਢੇਰੀ॥**
**ਖਾਕੂ ਖਾਕੁ ਰਲੈ ਸਭੁ ਫੈਲੁ॥ ਬਿਨੁ ਸਬਦੈ ਨਹੀ ਉਤਰੈ ਮੈਲੁ॥**
**ਗੀਤ ਰਾਗ ਘਨ ਤਾਲ ਸਿ ਕੂਰੇ॥ ਤ੍ਰਿਹੁ ਗੁਣ ਉਪਜੈ ਬਿਨਸੈ ਦੂਰੇ॥**
**ਦੂਜੀ ਦੁਰਮਤਿ ਦਰਦੁ ਨ ਜਾਇ॥ ਛੂਟੈ ਗੁਰਮੁਖਿ ਦਾਰੂ ਗੁਣ ਗਾਇ॥**
**ਧੋਤੀ ਊਜਲ ਤਿਲਕੁ ਗਲਿ ਮਾਲਾ॥ ਅੰਤਰਿ ਕ੍ਰੋਧੁ ਪੜਹਿ ਨਾਟ ਸਾਲਾ॥**
**ਨਾਮੁ ਵਿਸਾਰਿ ਮਾਇਆ ਮਦੁ ਪੀਆ॥ ਬਿਨੁ ਗੁਰ ਭਗਤਿ ਨਾਹੀ ਸੁਖੁ ਥੀਆ॥**
**ਸੂਕਰ ਸੁਆਨ ਗਰਧਭ ਮੰਜਾਰਾ॥ ਪਸੂ ਮਲੇਛ ਨੀਚ ਚੰਡਾਲਾ॥**
**ਗੁਰ ਤੇ ਮੁਹੁ ਫੇਰੇ ਤਿਨ੍ ਜੋਨਿ ਭਵਾਈਐ॥ ਬੰਧਨਿ ਬਾਧਿਆ ਆਈਐ ਜਾਈਐ॥**
**ਗੁਰ ਸੇਵਾ ਤੇ ਲਹੈ ਪਦਾਰਥੁ॥ ਹਿਰਦੈ ਨਾਮੁ ਸਦਾ ਕਿਰਤਾਰਥੁ॥**
**ਸਾਚੀ ਦਰਗਹ ਪੂਛ ਨ ਹੋਇ॥ ਮਾਨੇ ਹੁਕਮੁ ਸੀਝੈ ਦਰਿ ਸੋਇ॥**
**ਸਤਿਗੁਰੁ ਮਿਲੈ ਤ ਤਿਸ ਕਉ ਜਾਣੈ॥ ਰਹੈ ਰਜਾਈ ਹੁਕਮੁ ਪਛਾਣੈ॥**
**ਹੁਕਮੁ ਪਛਾਣਿ ਸਚੈ ਦਰਿ ਵਾਸੁ॥ ਕਾਲ ਬਿਕਾਲ ਸਬਦਿ ਭਏ ਨਾਸੁ॥**
**ਰਹੈ ਅਤੀਤੁ ਜਾਣੈ ਸਭੁ ਤਿਸ ਕਾ॥ ਤਨੁ ਮਨੁ ਅਰਪੈ ਹੈ ਇਹੁ ਜਿਸ ਕਾ॥**

ਨਾ ਓਹੁ ਆਵੈ ਨਾ ਓਹੁ ਜਾਇ॥ ਨਾਨਕ ਸਾਚੇ ਸਾਚਿ ਸਮਾਇ॥ (੮੩੨)

- ਨਾ ਤਨੁ ਤੇਰਾ ਨਾ ਮਨੁ ਤੋਹਿ॥ ਮਾਇਆ ਮੋਹਿ ਬਿਆਪਿਆ ਧੋਹਿ॥
ਕੁਦਮ ਕਰੈ ਗਾਡਰ ਜਿਉ ਛੇਲ॥ ਅਚਿੰਤੁ ਜਾਲੁ ਕਾਲੂ ਚਕ੍ਰ ਪੇਲ॥
ਹਰਿ ਚਰਨ ਕਮਲ ਸਰਨਾਇ ਮਨਾ॥
ਰਾਮ ਨਾਮੁ ਜਪਿ ਸੰਗਿ ਸਹਾਈ ਗੁਰਮੁਖਿ ਪਾਵਹਿ ਸਾਚੁ ਧਨਾ॥ਰਹਾਉ॥
ਊਨੇ ਕਾਜ ਨ ਹੋਵਤ ਪੂਰੇ॥ ਕਾਮਿ ਕ੍ਰੋਧਿ ਮਦਿ ਸਦ ਹੀ ਝੂਰੇ॥
ਕਰੈ ਬਿਕਾਰ ਜੀਅਰੇ ਕੈ ਤਾਈ॥ ਗਾਫਲ ਸੰਗਿ ਨ ਤਸੂਆ ਜਾਈ॥
ਧਰਤ ਧੋਹ ਅਨਿਕ ਛਲ ਜਾਨੈ॥ ਕਉਡੀ ਕਉਡੀ ਕਉ ਖਾਕੁ ਸਿਰਿ ਛਾਨੈ॥
ਜਿਨਿ ਦੀਆ ਤਿਸੈ ਨ ਚੇਤੈ ਮੂਲਿ॥ ਮਿਥਿਆ ਲੋਭੁ ਨ ਉਤਰੈ ਸੂਲੁ॥
ਪਾਰਬ੍ਰਹਮ ਜਬ ਭਏ ਦਇਆਲ॥ ਇਹੁ ਮਨੁ ਹੋਆ ਸਾਧ ਰਵਾਲ॥
ਹਸਤ ਕਮਲ ਲੜਿ ਲੀਨੋ ਲਾਇ॥ ਨਾਨਕ ਸਾਚੈ ਸਾਚਿ ਸਮਾਇ॥ (੮੯੯)

- ਪੁਤੁ ਕਲਤ੍ਰ ਲਖਿਮੀ ਦੀਸੈ ਇਨ ਮਹਿ ਕਿਛੂ ਨ ਸੰਗਿ ਲੀਆ॥
ਬਿਖੈ ਠਗਉਰੀ ਖਾਇ ਭੁਲਾਨਾ ਮਾਇਆ ਮੰਦਰੁ ਤਿਆਗਿ ਗਇਆ॥ (੯੦੦)

- ਰੂਪ ਰੰਗ ਸੁਗੰਧ ਭੋਗ ਤਿਆਗਿ ਚਲੇ ਮਾਇਆ ਛਲੇ ਕਨਿਕ ਕਾਮਿਨੀ॥ਰਹਾਉ॥
ਭੰਡਾਰ ਦਰਬ ਅਰਬ ਖਰਬ ਪੇਖਿ ਲੀਲਾ ਮਨੁ ਸਧਾਰੈ॥ ਨਹ ਸੰਗਿ ਗਾਮਨੀ॥
ਸੁਤ ਕਲਤ੍ਰ ਭ੍ਰਾਤ ਮੀਤ ਉਰਝਿ ਪਰਿਓ ਭਰਮਿ ਮੋਹਿਓ ਇਹ ਬਿਰਖ ਛਾਮਨੀ॥
ਚਰਨ ਕਮਲ ਸਰਨ ਨਾਨਕ ਸੁਖੁ ਸੰਤ ਭਾਵਨੀ॥ (੯੦੧)

- ਸ੍ਰਿਸਟੇ ਭੇਉ ਨ ਜਾਣੈ ਕੋਇ॥ ਸ੍ਰਿਸਟਾ ਕਰੈ ਸੁ ਨਿਹਚਉ ਹੋਇ॥
ਸੰਪੈ ਕਉ ਈਸਰੁ ਧਿਆਈਐ॥ ਸੰਪੈ ਪੁਰਬਿ ਲਿਖੇ ਕੀ ਪਾਈਐ॥
ਸੰਪੈ ਕਾਰਣਿ ਚਾਕਰ ਚੋਰ॥ ਸੰਪੈ ਸਾਥਿ ਨ ਚਾਲੈ ਹੋਰ॥
ਬਿਨੁ ਸਾਚੇ ਨਹੀ ਦਰਗਹ ਮਾਨੁ॥ ਹਰਿ ਰਸੁ ਪੀਵੈ ਛੂਟੈ ਨਿਦਾਨਿ॥ (੯੩੭)

- ਮਿਲਿ ਮਾਤ ਪਿਤਾ ਪਿੰਡੁ ਕਮਾਇਆ॥ ਤਿਨਿ ਕਰਤੈ ਲੇਖੁ ਲਿਖਾਇਆ॥
ਲਿਖੁ ਦਾਤਿ ਜੋਤਿ ਵਡਿਆਈ॥ ਮਿਲਿ ਮਾਇਆ ਸੁਰਤਿ ਗਵਾਈ॥
ਮੂਰਖ ਮਨ ਕਾਹੇ ਕਰਸਹਿ ਮਾਣਾ॥ ਉਠਿ ਚਲਣਾ ਖਸਮੈ ਭਾਣਾ॥ਰਹਾਉ॥
ਤਜਿ ਸਾਦ ਸਹਜ ਸੁਖੁ ਹੋਈ॥ ਘਰ ਛਡਣੇ ਰਹੈ ਨ ਕੋਈ॥
ਕਿਛੁ ਖਾਜੈ ਕਿਛੁ ਧਰਿ ਜਾਈਐ॥ ਜੇ ਬਾਹੁੜਿ ਦੁਨੀਆ ਆਈਐ॥
ਸਜੁ ਕਾਇਆ ਪਟੁ ਹਢਾਏ॥ ਫੁਰਮਾਇਸਿ ਬਹੁਤੁ ਚਲਾਏ॥
ਕਰਿ ਸੇਜ ਸੁਖਾਲੀ ਸੋਵੈ॥ ਹਥੀ ਪਉਦੀ ਕਾਹੇ ਰੋਵੈ॥
ਘਰ ਘੁੰਮਣਵਾਣੀ ਭਾਈ॥ ਪਾਪ ਪਥਰ ਤਰਣੁ ਨ ਜਾਈ॥
ਭਉ ਬੇੜਾ ਜੀਉ ਚੜਾਊ॥ ਕਹੁ ਨਾਨਕ ਦੇਵੈ ਕਾਹੂ॥ (੯੮੯)

- ਮਾਇਆ ਸਾਥਿ ਨ ਚਲਈ ਕਿਆ ਲਪਟਾਵਹਿ ਅੰਧ॥
ਗੁਰ ਕੇ ਚਰਣ ਧਿਆਇ ਤੂ ਤੂਟਹਿ ਮਾਇਆ ਬੰਧ॥ (੧੦੯੩)

– ਕਾਹੇ ਮਾਲੁ ਦਰਬੁ ਦੇਖਿ ਗਰਬਿ ਜਾਹਿ॥ ਚਲਤੀ ਬਾਰ ਤੇਰੋ ਕਛੂ ਨਾਹਿ॥ (੧੧੯੯)

– ਕਬੀਰ ਕਉਡੀ ਕਉਡੀ ਜੋਰਿ ਕੈ ਜੋਰੇ ਲਾਖ ਕਰੋਰਿ॥
ਚਲਤੀ ਬਾਰ ਨ ਕਛੂ ਮਿਲਿਓ ਲਈ ਲੰਗੋਟੀ ਤੋਰਿ॥ (੧੩੭੨)

– ਰੇ ਨਰ ਇਹ ਸਾਚੀ ਜੀਅ ਧਾਰਿ॥ ਸਗਲ ਜਗਤੁ ਹੈ ਜੈਸੇ ਸੁਪਨਾ ਬਿਨਸਤ ਲਗਤ ਨ ਬਾਰ॥ਰਹਾਉ॥
ਬਾਰੂ ਭੀਤਿ ਬਨਾਈ ਰਚਿ ਪਚਿ ਰਹਤ ਨਹੀ ਦਿਨ ਚਾਰਿ॥
ਤੈਸੇ ਹੀ ਇਹ ਸੁਖ ਮਾਇਆ ਕੇ ਉਰਝਿਓ ਕਹਾ ਗਵਾਰ॥ (੬੩੩)

– ਧਨੁ ਸੰਪੈ ਮਾਇਆ ਸੰਚੀਐ ਅੰਤੇ ਦੁਖਦਾਈ॥ ਘਰ ਮੰਦਰ ਮਹਲ ਸਵਾਰੀਅਹਿ ਕਿਛੁ ਸਾਥਿ ਨ ਜਾਈ॥
ਹਰ ਰੰਗੀ ਤੁਰੇ ਨਿਤ ਪਾਲੀਅਹਿ ਕਿਤੈ ਕਾਮਿ ਨ ਆਈ॥
ਜਨ ਲਾਵਹੁ ਚਿਤੁ ਹਰਿ ਨਾਮ ਸਿਉ ਅੰਤਿ ਹੋਇ ਸਖਾਈ॥
ਜਨ ਨਾਨਕ ਨਾਮੁ ਧਿਆਇਆ ਗੁਰਮੁਖਿ ਸੁਖੁ ਪਾਈ॥ (੬੪੮)

– ਮਾਈ ਮਾਇਆ ਛਲੁ॥ ਤ੍ਰਿਣ ਕੀ ਅਗਨਿ ਮੇਘ ਕੀ ਛਾਇਆ ਗੋਬਿਦ ਭਜਨ ਬਿਨੁ ਹੜ ਕਾ ਜਲੁ॥ (੭੧੭)

– ਕਹਾ ਨਰ ਗਰਬਸਿ ਥੋਰੀ ਬਾਤ॥ ਮਨ ਦਸ ਨਾਜੁ ਟਕਾ ਚਾਰਿ ਗਾਂਠੀ ਐਂਡੌ ਟੇਢੌ ਜਾਤੁ॥ਰਹਾਉ॥
ਬਹੁਤੁ ਪ੍ਰਤਾਪੁ ਗਾਂਉ ਸਉ ਪਾਏ ਦੁਇ ਲਖ ਟਕਾ ਬਰਾਤ॥
ਦਿਵਸ ਚਾਰਿ ਕੀ ਕਰਹੁ ਸਾਹਿਬੀ ਜੈਸੇ ਬਨ ਹਰ ਪਾਤ॥
ਨਾ ਕੋਊ ਲੈ ਆਇਓ ਇਹੁ ਧਨੁ ਨਾ ਕੋਊ ਲੈ ਜਾਤੁ॥
ਰਾਵਨ ਹੂੰ ਤੇ ਅਧਿਕ ਛਤ੍ਰਪਤਿ ਖਿਨ ਮਹਿ ਗਏ ਬਿਲਾਤ॥
ਹਰਿ ਕੇ ਸੰਤ ਸਦਾ ਥਿਰੁ ਪੂਜਹੁ ਜੋ ਹਰਿ ਨਾਮੁ ਜਪਾਤ॥
ਜਿਨ ਕਉ ਕ੍ਰਿਪਾ ਕਰਤ ਹੈ ਗੋਬਿਦੁ ਤੇ ਸਤਸੰਗਿ ਮਿਲਾਤ॥
ਮਾਤ ਪਿਤਾ ਬਨਿਤਾ ਸੁਤ ਸੰਪਤਿ ਅੰਤਿ ਨ ਚਲਤ ਸੰਗਾਤ॥
ਕਹਤ ਕਬੀਰੁ ਰਾਮ ਭਜੁ ਬਉਰੇ ਜਨਮੁ ਅਕਾਰਥ ਜਾਤ॥ (੧੨੫੧)

– ਫਰੀਦਾ ਕੋਠੇ ਮੰਡਪ ਮਾੜੀਆ ਉਸਾਰੇਦੇ ਭੀ ਗਏ॥ ਕੂੜਾ ਸਉਦਾ ਕਰਿ ਗਏ ਗੋਰੀ ਆਇ ਪਏ॥ (੧੩੮੦)

– ਧਨੁ ਦਾਰਾ ਸੰਪਤਿ ਸਗਲ ਜਿਨਿ ਅਪੁਨੀ ਕਰਿ ਮਾਨਿ॥ ਇਨ ਮੈ ਕਛੁ ਸੰਗੀ ਨਹੀ ਨਾਨਕ ਸਾਚੀ ਜਾਨਿ॥(੧੪੨੬)

## ਕਥਿਤ ਦੇਵੀ ਦੇਵਤੇ ਅਤੇ ਮਾਇਆ

ਗੁਰਬਾਣੀ ਅੰਦਰ ਦੇਵੀ ਦੇਵਤਿਆਂ ਨੂੰ ਮਾਇਆ ਹੱਥੋਂ ਖੁਆਰ ਹੁੰਦੇ ਦਰਸਾ ਕੇ ਸਾਨੂੰ ਸਮਝਾਇਆ ਹੈ ਕਿ ਕਥਿਤ ਦੇਵੀ ਦੇਵਤੇ ਮਾਇਆ ਹੱਥੋਂ ਮਨੁੱਖ ਵਾਂਗ ਹੀ ਆਤੁਰ ਹਨ। ਮਾਇਆ ਤੋਂ ਨਿਰਲੇਪ ਕੇਵਲ ਅਕਾਲ ਪੁਰਖ ਹੈ। ਇਸ ਲਈ ਪ੍ਰਭੂ ਤੋਂ ਬਿਨ੍ਹਾਂ ਕਿਸੇ ਹੋਰ ਦਾ ਆਸਰਾ ਨਹੀਂ ਤੱਕਣਾ ਚਾਹੀਦਾ। ਜਿੰਨ੍ਹਾਂ ਦੇਵੀ ਦੇਵਤਿਆਂ ਅਥਵਾ ਕਥਿਤ ਭਗਵਾਨਾਂ ਦੀ ਪੂਜਾ ਸੰਸਾਰ ਵਿੱਚ ਹੋ ਰਹੀ ਹੈ ਇਹ ਮਾਇਆ ਦਾ ਹੀ ਮਨਮੋਹਣਾ ਰੂਪ ਹਨ। ਸੁਆਦਲੀ ਗੱਲ ਇਹ ਹੈ ਕਿ ਸਤਿਗੁਰਾਂ ਦੇ ਫੁਰਮਾਨ ਅਨੁਸਾਰ ਮਾਇਆ ਦੇ ਇਸ ਮਨਮੋਹਣੇ ਰੂਪ ਦੀ ਜਨਮਦਾਤੀ ਵੀ ਮਾਇਆ ਹੀ ਹੈ।

– ਕਰਤ ਕੇਲ ਬਿਖੈ ਮੇਲ ਚੰਦ੍ਰ ਸੂਰ ਮੋਹੇ॥
ਉਪਜਤਾ ਬਿਕਾਰ ਦੁੰਦਰ ਨਉਪਰੀ ਝੁਨੰਤਕਾਰ ਸੁੰਦਰ

ਅਨਿਗ ਭਾਉ ਕਰਤ ਫਿਰਤ ਬਿਨੁ ਗੋਪਾਲ ਧੋਹੇ॥ਰਹਾਉ॥ (੧੨੩੧)

- ਦੇਵੀ ਦੇਵਾ ਮੂਲੁ ਹੈ ਮਾਇਆ॥ ਸਿੰਮ੍ਰਿਤਿ ਸਾਸਤ ਜਿੰਨਿ ਉਪਾਇਆ॥
ਕਾਮੁ ਕ੍ਰੋਧ ਪਸਰਿਆ ਸੰਸਾਰੇ ਆਇ ਜਾਇ ਦੁਖੁ ਪਾਵਣਿਆ॥ (੧੨੯)

ਦੇਵੀ ਦੇਵਤੇ ਆਦਿ ਸਭ ਕੁਝ ਮਾਇਆ ਦੇ ਹੀ ਰੂਪ ਹਨ ਅਤੇ ਇਹ ਮਨੁੱਖ ਦੀ ਲਾਲਸਾ ਤੋਂ ਜਨਮੇ ਹਨ। ਇਸ ਅਦ੍ਰਿਸ਼ਟ ਅਤੇ ਨਿਰਵਜੂਦ ਭਰਮ ਪਸਾਰੇ ਦੀ ਅਸਲੀਅਤ ਉਸ ਗੰਧਰਵ ਨਗਰੀ ਵਰਗੀ ਹੀ ਹੈ ਜਿਸ ਨੂੰ ਅੱਜ ਤੱਕ ਕਿਸੇ ਨੇ ਨਾ ਵੇਖਿਆ ਹੈ ਅਤੇ ਨਾ ਹੀ ਉਸ ਦੇ ਟਿਕਾਣੇ ਦਾ ਕਿਸੇ ਨੂੰ ਪਤਾ ਹੈ ਪਰ ਅਗਿਆਨੀ ਮਨੁੱਖ ਉਸ ਦੀ ਪ੍ਰਾਪਤੀ ਦੀ ਲਾਲਸਾ ਕਰੀ ਜਾ ਰਿਹਾ ਹੈ।

- ਬ੍ਰਹਮਾ ਬਿਸਨੁ ਮਹਾਦੇਉ ਤ੍ਰੈ ਗੁਣ ਰੋਗੀ ਵਿਚਿ ਹਉਮੈ ਕਾਰ ਕਮਾਈ॥
ਜਿਨਿ ਕੀਏ ਤਿਸਹਿ ਨ ਚੇਤਹਿ ਬਪੁੜੇ ਹਰਿ ਗੁਰਮੁਖਿ ਸੋਝੀ ਪਾਈ॥ (੭੩੫)

- ਬ੍ਰਹਮਾ ਬਿਸਨੁ ਮਹੇਸੁ ਵੀਚਾਰੀ॥ ਤ੍ਰੈ ਗੁਣ ਬਧਕ ਮੁਕਤਿ ਨਿਰਾਰੀ॥
ਗੁਰਮੁਖਿ ਗਿਆਨੁ ਏਕੋ ਹੈ ਜਾਤਾ ਅਨਦਿਨੁ ਨਾਮੁ ਰਵੀਜੈ ਹੇ॥ (੧੦੪੯)

- ਬ੍ਰਹਮ ਲੋਕ ਅਰੁ ਰੁਦ੍ਰ ਲੋਕ ਆਈ ਇੰਦ੍ਰ ਲੋਕ ਤੇ ਧਾਇ॥
ਸਾਧਸੰਗਤਿ ਕਉ ਜੋਹਿ ਨ ਸਾਕੈ ਮਲਿ ਮਲਿ ਧੋਵੈ ਪਾਇ॥ (੫੦੦)

- ਜਲ ਮਹਿ ਮੀਨ ਮਾਇਆ ਕੇ ਬੇਧੇ॥ ਦੀਪਕ ਪਤੰਗ ਮਾਇਆ ਕੇ ਛੇਦੇ॥
ਕਾਮ ਮਾਇਆ ਕੁੰਚਰ ਕਉ ਬਿਆਪੈ॥ ਭੁਇਅੰਗਮ ਭ੍ਰਿੰਗ ਮਾਇਆ ਮਹਿ ਖਾਪੇ॥
ਮਾਇਆ ਐਸੀ ਮੋਹਨੀ ਭਾਈ॥ ਜੇਤੇ ਜੀਅ ਤੇਤੇ ਡਹਕਾਈ॥ਰਹਾਉ॥
ਪੰਖੀ ਮ੍ਰਿਗ ਮਾਇਆ ਮਹਿ ਰਾਤੇ॥ ਸਾਕਰ ਮਾਖੀ ਅਧਿਕ ਸੰਤਾਪੇ॥
ਤੁਰੇ ਉਸਟ ਮਾਇਆ ਮਹਿ ਭੇਲਾ॥ ਸਿਧ ਚਉਰਾਸੀਹ ਮਾਇਆ ਮਹਿ ਖੇਲਾ॥
ਛਿਅ ਜਤੀ ਮਾਇਆ ਕੇ ਬੰਦਾ॥ ਨਵੈ ਨਾਥ ਸੂਰਜ ਅਰੁ ਚੰਦਾ॥
ਤਪੇ ਰਖੀਸਰ ਮਾਇਆ ਮਹਿ ਸੂਤਾ॥ ਮਾਇਆ ਮਹਿ ਕਾਲੁ ਅਰੁ ਪੰਚ ਦੂਤਾ॥
ਸੁਆਨ ਸਿਆਲ ਮਾਇਆ ਮਹਿ ਰਾਤਾ॥ ਬੰਤਰ ਚੀਤੇ ਅਰੁ ਸਿੰਘਾਤਾ॥
ਮਾਂਜਾਰ ਗਾਡਰ ਅਰੁ ਲੂਬਰਾ॥ ਬਿਰਖ ਮੂਲ ਮਾਇਆ ਮਹਿ ਪਰਾ॥
ਮਾਇਆ ਅੰਤਰਿ ਭੀਨੇ ਦੇਵ॥ ਸਾਗਰ ਇੰਦ੍ਰਾ ਅਰੁ ਧਰਤੇਵ॥
ਕਹਿ ਕਬੀਰ ਜਿਸੁ ਉਦਰੁ ਤਿਸੁ ਮਾਇਆ॥ ਤਬ ਛੂਟੇ ਜਬ ਸਾਧੂ ਪਾਇਆ॥ (੧੧੬੦)

## ਮਾਇਆ ਅਤੇ ਧਾਰਮਿਕ ਆਗੂ

ਲੋਕਾਂ ਨੂੰ ਮੱਤਾਂ ਦੇਣ ਵਾਲੇ ਧਾਰਮਿਕ ਪ੍ਰਚਾਰਕ, ਡੇਰੇਦਾਰ ਸਾਧੂ, ਸਿਧ ਆਦਿਕ ਸਭ ਦੇ ਸਭ ਮਾਇਆ ਦੇ ਮੋਹ ਤੋਂ ਖਲਾਸੀ ਨਹੀਂ ਪਾ ਸਕੇ ਅਤੇ ਮਾਇਆ ਦੇ ਮੋਹ ਜਾਲ ਵਿੱਚ ਫਸੇ ਖੁਆਰ ਹੋ ਰਹੇ ਹਨ।

- ਪੰਡਿਤ ਜੋਤਕੀ ਸਭਿ ਪੜਿ ਪੜਿ ਕੂਕਦੇ ਕਿਸੁ ਪਹਿ ਕਰਹਿ ਪੁਕਾਰਾ ਰਾਮ॥
ਮਾਇਆ ਮੋਹੁ ਅੰਤਰਿ ਮਲੁ ਲਾਗੈ ਮਾਇਆ ਕੇ ਵਾਪਾਰਾ ਰਾਮ॥
ਮਾਇਆ ਕੇ ਵਾਪਾਰਾ ਜਗਤਿ ਪਿਆਰਾ ਆਵਣਿ ਜਾਣਿ ਦੁਖੁ ਪਾਈ॥
ਬਿਖੁ ਕਾ ਕੀੜਾ ਬਿਖੁ ਸਿਉ ਲਾਗਾ ਬਿਸ੍ਰਾ ਮਾਹਿ ਸਮਾਈ॥
ਜੋ ਧੁਰਿ ਲਿਖਿਆ ਸੋਇ ਕਮਾਵੈ ਕੋਇ ਨ ਮੇਟਣਹਾਰਾ॥
ਨਾਨਕ ਨਾਮਿ ਰਤੇ ਤਿਨ ਸਦਾ ਸੁਖੁ ਪਾਇਆ ਹੋਰਿ ਮੂਰਖ ਕੂਕਿ ਮੁਏ ਗਾਵਾਰਾ॥ (੫੭੦)

ਮਾਇਆ ਖ਼ਾਤਰ ਦੇਸ਼ ਪ੍ਰਦੇਸ਼ ਦੌੜੇ ਫਿਰਦੇ ਇਹ ਅਖੌਤੀ ਸਾਧ ਸੰਤ, ਰਾਗੀ-ਢਾਡੀ, ਪ੍ਰਚਾਰਕ ਸਾਰੇ ਦੂਜਿਆਂ ਨੂੰ ਕਈ ਤਰ੍ਹਾਂ ਦੇ ਭਰਮ ਜਾਲਾਂ ਵਿੱਚ ਫਸਾ ਕੇ ਮਾਇਆ ਦੀ ਉਗਰਾਹੀ ਕਰਦੇ ਫਿਰ ਰਹੇ ਹੁੰਦੇ ਹਨ। ਇਨ੍ਹਾਂ ਦੇ ਪਹਿਰਾਵੇ ਤੋਂ ਭੁਲੇਖਾ ਨਹੀਂ ਖਾਣਾ ਚਾਹੀਦਾ ਅਤੇ ਆਪਣੀ ਨੇਕ ਕਮਾਈ ਇਨ੍ਹਾਂ ਕਥਿਤ ਧਰਮ ਆਗੂਆਂ ਦੀਆਂ ਜੇਬਾਂ ਭਰਨ ਤੇ ਗੁਆਉਣ ਨਾਲੋਂ ਅਜੇਹੇ ਥਾਂਅ ਖਰਚਣੀ ਚਾਹੀਦੀ ਹੈ ਜਿਸ ਤੋਂ ਸਤਿਗੁਰਾਂ ਦੇ ਗਿਆਨ ਦਾ ਠੀਕ ਅਤੇ ਯੋਜਨਾਬੱਧ ਤਰੀਕੇ ਨਾਲ ਪ੍ਰਚਾਰ ਕੀਤਾ ਜਾ ਸਕੇ।

- ਮੋਹਨੀ ਮੋਹਤ ਰਹੈ ਨ ਹੋਰੀ॥ ਸਾਧਿਕ ਸਿਧ ਸਗਲ ਕੀ ਪਿਆਰੀ ਤੁਟੈ ਨ ਕਾਹੂ ਤੋਰੀ॥ਰਹਾਉ॥
  ਖਟੁ ਸਾਸਤ੍ਰ ਉਚਰਤ ਰਸਨਾਗਰ ਤੀਰਥ ਗਵਨ ਨ ਥੋਰੀ॥
  ਪੂਜਾ ਚਕ੍ਰ ਬਰਤ ਨੇਮ ਤਪੀਆ ਊਹਾ ਗੈਲਿ ਨ ਛੋਰੀ॥
  ਅੰਧ ਕੂਪ ਮਹਿ ਪਤਿਤ ਹੋਤ ਜਗੁ ਸੰਤਹੁ ਕਰਹੁ ਪਰਮ ਗਤਿ ਮੋਰੀ॥
  ਸਾਧਸੰਗਤਿ ਨਾਨਕੁ ਭਇਓ ਮੁਕਤਾ ਦਰਸਨੁ ਪੇਖਤ ਭੋਰੀ॥ (੧੨੧੬)

- ਪਡੀਆ ਕਵਨ ਕੁਮਤਿ ਤੁਮ ਲਾਗੇ॥ ਬੂਡਹੁਗੇ ਪਰਵਾਰ ਸਕਲ ਸਿਉ ਰਾਮੁ ਨ ਜਪਹੁ ਅਭਾਗੇ॥ਰਹਾਉ॥
  ਬੇਦ ਪੁਰਾਨ ਪੜੇ ਕਾ ਕਿਆ ਗੁਨੁ ਖਰ ਚੰਦਨ ਜਸ ਭਾਰਾ॥
  ਰਾਮ ਨਾਮ ਕੀ ਗਤਿ ਨਹੀ ਜਾਨੀ ਕੈਸੇ ਉਤਰਸਿ ਪਾਰਾ॥
  ਜੀਅ ਬਧਹੁ ਸੁ ਧਰਮੁ ਕਰਿ ਥਾਪਹੁ ਅਧਰਮੁ ਕਹਹੁ ਕਤ ਭਾਈ॥
  ਆਪਸ ਕਉ ਮੁਨਿਵਰ ਕਰਿ ਥਾਪਹੁ ਕਾ ਕਉ ਕਹਹੁ ਕਸਾਈ॥
  ਮਨ ਕੇ ਅੰਧੇ ਆਪਿ ਨ ਬੂਝਹੁ ਕਾਹਿ ਬੁਝਾਵਹੁ ਭਾਈ॥
  ਮਾਇਆ ਕਾਰਨ ਬਿਦਿਆ ਬੇਚਹੁ ਜਨਮੁ ਅਬਿਰਥਾ ਜਾਈ॥
  ਨਾਰਦ ਬਚਨ ਬਿਆਸੁ ਕਹਤ ਹੈ ਸੁਕ ਕਉ ਪੂਛਹੁ ਜਾਈ॥
  ਕਹਿ ਕਬੀਰ ਰਾਮੈ ਰਮਿ ਛੂਟਹੁ ਨਾਹਿ ਤ ਬੂਡੇ ਭਾਈ॥ (੧੧੦੨)

- ਮਾਇਆ ਕਾ ਮੁਹਤਾਜੁ ਪੰਡਿਤੁ ਕਹਾਵੈ॥ ਬਿਖਿਆ ਰਾਤਾ ਬਹੁਤੁ ਦੁਖੁ ਪਾਵੈ॥
  ਜਮ ਕਾ ਗਲਿ ਜੇਵੜਾ ਨਿਤ ਕਾਲੁ ਸੰਤਾਵੈ॥ (੨੩੧)

- ਤੁਧੁ ਸਿਰਿ ਲਿਖਿਆ ਸੋ ਪੜੁ ਪੰਡਿਤ ਅਵਰਾ ਨੋ ਨ ਸਿਖਾਲਿ ਬਿਖਿਆ॥
  ਪਹਿਲਾ ਫਾਹਾ ਪਇਆ ਪਾਧੇ ਪਿਛੋ ਦੇ ਗਲਿ ਚਾਟੜਿਆ॥
  ਸਸੈ ਸੰਜਮੁ ਗਇਓ ਮੂੜੇ ਏਕੁ ਦਾਨੁ ਤੁਧੁ ਕੁਥਾਇ ਲਇਆ॥
  ਸਾਈ ਪੁੜੀ ਜਜਮਾਨ ਕੀ ਸਾ ਤੇਰੀ ਏਤੁ ਧਾਨਿ ਖਾਧੈ ਤੇਰਾ ਜਨਮੁ ਗਇਆ॥
  ਮੰਮੈ ਮਤਿ ਹਿਰਿ ਲਈ ਤੇਰੀ ਮੂੜੇ ਹਉਮੈ ਵਡਾ ਰੋਗੁ ਪਇਆ॥
  ਅੰਤਰ ਆਤਮੈ ਬ੍ਰਹਮੁ ਨ ਚੀਨ੍ਹਿਆ ਮਾਇਆ ਕਾ ਮੁਹਤਾਜੁ ਭਇਆ॥ (੪੩੪)

## ਮਾਇਆ ਦੇ ਭਿੰਨ-ਭਿੰਨ ਰੂਪ

### ੧. ਬਹੁ ਰੰਗੀ ਮਾਇਆ

- ਬਹੁ ਰੰਗ ਮਾਇਆ ਬਹੁ ਬਿਧਿ ਪੇਖੀ॥ ਕਲਮ ਕਾਗਦ ਸਿਆਨਪ ਲੇਖੀ॥
  ਮਹਰ ਮਲੂਕ ਹੋਇ ਦੇਖਿਆ ਖਾਨ॥ ਤਾ ਤੇ ਨਾਹੀ ਮਨੁ ਤ੍ਰਿਪਤਾਨ॥
  ਸੋ ਸੁਖੁ ਮੋ ਕਉ ਸੰਤ ਬਤਾਵਹੁ॥ ਤ੍ਰਿਸਨਾ ਬੂਝੈ ਮਨੁ ਤ੍ਰਿਪਤਾਵਹੁ॥ਰਹਾਉ॥
  ਅਸੁ ਪਵਨ ਹਸਤਿ ਅਸਵਾਰੀ॥ ਚੋਆ ਚੰਦਨੁ ਸੇਜ ਸੁੰਦਰਿ ਨਾਰੀ॥
  ਨਟ ਨਾਟਿਕ ਆਖਾਰੇ ਗਾਇਆ॥ ਤਾ ਮਹਿ ਮਨਿ ਸੰਤੋਖੁ ਨ ਪਾਇਆ॥
  ਤਖਤੁ ਸਭਾ ਮੰਡਨ ਦੋਲੀਚੇ॥ ਸਗਲ ਮੇਵੇ ਸੁੰਦਰ ਬਾਗੀਚੇ॥

ਆਖੇੜ ਬਿਰਤਿ ਰਾਜਨ ਕੀ ਲੀਲਾ॥ ਮਨੁ ਨ ਸੁਹੇਲਾ ਪਰਪੰਚੁ ਹੀਲਾ॥ (੧੭੯)

## ੨. ਸਦਾ ਸੋਹਾਗਣ ਮਾਇਆ ਇਸਤ੍ਰੀ

– ਖਸਮੁ ਮਰੈ ਤਉ ਨਾਰਿ ਨ ਰੋਵੈ॥ ਉਸੁ ਰਖਵਾਰਾ ਅਉਰੋ ਹੋਵੈ॥
ਰਖਵਾਰੇ ਕਾ ਹੋਇ ਬਿਨਾਸ॥ ਆਗੈ ਨਰਕੁ ਈਹਾ ਭੋਗ ਬਿਲਾਸ॥
ਏਕ ਸੁਹਾਗਨਿ ਜਗਤ ਪਿਆਰੀ॥ ਸਗਲੇ ਜੀਅ ਜੰਤ ਕੀ ਨਾਰੀ॥ਰਹਾਉ॥
ਸੋਹਾਗਨਿ ਗਲਿ ਸੋਹੈ ਹਾਰੁ॥ ਸੰਤ ਕਉ ਬਿਖੁ ਬਿਗਸੈ ਸੰਸਾਰੁ॥
ਕਰਿ ਸੀਗਾਰੁ ਬਹੈ ਪਖਿਆਰੀ॥ ਸੰਤ ਕੀ ਠਿਠਕੀ ਫਿਰੈ ਬਿਚਾਰੀ॥
ਸੰਤ ਭਾਗਿ ਓਹ ਪਾਛੈ ਪਰੈ॥ ਗੁਰ ਪਰਸਾਦੀ ਮਾਰਹੁ ਡਰੈ॥
ਸਾਕਤ ਕੀ ਓਹ ਪਿੰਡ ਪਰਾਇਣਿ॥ ਹਮ ਕਉ ਦ੍ਰਿਸਟਿ ਪਰੈ ਤ੍ਰਖਿ ਡਾਇਣਿ॥
ਹਮ ਤਿਸ ਕਾ ਬਹੁ ਜਾਨਿਆ ਭੇਉ॥ ਜਬ ਹੂਏ ਕ੍ਰਿਪਾਲ ਮਿਲੇ ਗੁਰਦੇਉ॥
ਕਹੁ ਕਬੀਰ ਅਬ ਬਾਹਰਿ ਪਰੀ॥ ਸੰਸਾਰੈ ਕੈ ਅੰਚਲਿ ਲਰੀ॥ (੮੭੧)

## ੩. ਗ੍ਰਹਿਸਤੀਆਂ ਲਈ ਲੋੜੀਂਦੀ ਮਾਇਆ–ਸੋਹਾਗਨਿ

– ਗ੍ਰਿਹਿ ਸੋਭਾ ਜਾ ਕੈ ਰੇ ਨਾਹਿ॥ ਆਵਤ ਪਹੀਆ ਖੂਧੇ ਜਾਹਿ॥
ਵਾ ਕੈ ਅੰਤਰਿ ਨਹੀ ਸੰਤੋਖੁ॥ ਬਿਨੁ ਸੋਹਾਗਨਿ ਲਾਗੈ ਦੋਖੁ॥
ਧਨੁ ਸੋਹਾਗਨਿ ਮਹਾ ਪਵੀਤ॥ ਤਪੇ ਤਪੀਸਰ ਡੋਲੈ ਚੀਤ॥ਰਹਾਉ॥
ਸੋਹਾਗਨਿ ਕਿਰਪਨ ਕੀ ਪੂਤੀ॥ ਸੇਵਕ ਤਜਿ ਜਗਤ ਸਿਉ ਸੂਤੀ॥
ਸਾਧੂ ਕੈ ਠਾਢੀ ਦਰਬਾਰਿ॥ ਸਰਨਿ ਤੇਰੀ ਮੋ ਕਉ ਨਿਸਤਾਰਿ॥
ਸੋਹਾਗਨਿ ਹੈ ਅਤਿ ਸੁੰਦਰੀ॥ ਪਗ ਨੇਵਰ ਛਨਕ ਛਨਹਰੀ॥
ਜਉ ਲਗੁ ਪ੍ਰਾਨ ਤਉ ਲਗੁ ਸੰਗੇ॥ ਨਾਹਿ ਤ ਚਲੀ ਬੇਗਿ ਉਠਿ ਨੰਗੇ॥
ਸੋਹਾਗਨਿ ਭਵਨ ਤ੍ਰੈ ਲੀਆ॥ ਦਸ ਅਠ ਪੁਰਾਣ ਤੀਰਥ ਰਸ ਕੀਆ॥
ਬ੍ਰਹਮਾ ਬਿਸਨੁ ਮਹੇਸਰ ਬੇਧੇ॥ ਬਡੇ ਭੂਪਤਿ ਰਾਜੇ ਹੈ ਛੇਧੇ॥
ਸੋਹਾਗਨਿ ਉਰਵਾਰਿ ਨ ਪਾਰਿ॥ ਪਾਂਚ ਨਾਰਦ ਕੈ ਸੰਗਿ ਬਿਧਵਾਰਿ॥
ਪਾਂਚ ਨਾਰਦ ਕੇ ਮਿਟਵੇ ਫੂਟੇ॥ ਕਹੁ ਕਬੀਰ ਗੁਰ ਕਿਰਪਾ ਛੂਟੇ॥ (੮੭੨)

## ੪. ਵਿਭਚਰਣ ਅਤੇ ਟੁਣਿਆਂਹਾਰੀ ਇਸਤਰੀ

– ਮਾਇਆ ਮੋਹੁ ਧਰਕਟੀ ਨਾਰਿ॥ ਭੂੰਡੀ ਕਾਮਣਿ ਕਾਮਣਿਆਰਿ॥
ਰਾਜੁ ਰੂਪੁ ਝੂਠਾ ਦਿਨ ਚਾਰਿ॥ ਨਾਮੁ ਮਿਲੈ ਚਾਨਣੁ ਅੰਧਿਆਰਿ॥ (੭੯੬)

## ੫. ਮਾਇਆ ਇਸਤਰੀ ਨੱਕ ਵਢਾ ਬੈਠੀ

ਮਾਇਆ ਨੂੰ ਗੁਰਬਾਣੀ ਵਿੱਚ ਘਰ ਦੀ ਸੋਭਾ ਵੀ ਕਿਹਾ ਹੈ। ਪਰ ਇਸ ਦਾ ਅਰਥ ਇਹ ਨਹੀਂ ਹੈ ਕਿ ਇਸ ਨਾਲ ਏਡਾ ਪਰਬਲ ਮੋਹ ਹੋ ਜਾਵੇ ਕਿ ਜੇ ਵਣਜ ਵਪਾਰ ਕਰਦੇ ਸਮੇਂ ਖੱਟੀ ਹੋ ਰਹੀ ਹੋਵੇ ਅਥਵਾ ਮਾਇਆ ਨੂੰ ਆਉਂਦੀ ਵੇਖੇ ਤਾਂ ਮਨੁੱਖ ਖੁਸ਼ੀਆਂ ਦੇ ਢੋਲ ਵਜਾ ਦੇਵੇ ਅਤੇ ਜਦ ਇਹ ਮਾਇਆ ਕਿਸੇ ਦੂਜੇ ਵੱਲ ਮੂੰਹ ਕਰ ਲਵੇ, ਆਪ ਨੂੰ ਲਾਭ ਦੀ ਥਾਂ ਘਾਟਾ ਪੈ ਜਾਵੇ ਤਾਂ ਮਰਨੇ ਪੈ ਜਾਵੇ।

– ਨਿਤ ਸਉਦਾ ਸੂਦੁ ਕੀਚੈ ਬਹੁ ਭਾਤਿ ਕਰਿ ਮਾਇਆ ਕੈ ਤਾਈ॥
ਜਾ ਲਾਹਾ ਦੇਇ ਤਾ ਸੁਖੁ ਮਨੇ ਤੋਟੈ ਮਰਿ ਜਾਈ॥ (੧੬੬)

ਮਾਇਆ ਦੇ ਨਸ਼ੇ ਵਿੱਚ ਵਿਕਾਰੀ ਬਣ ਜਾਣ ਵਾਲਿਆਂ ਲਈ ਸਤਿਗੁਰਾਂ ਦਾ ਉਪਦੇਸ਼ ਇਸ ਪ੍ਰਕਾਰ ਹੈ:

– ਇਕਤੁ ਪਤਰਿ ਭਰਿ ਉਰਕਟ ਕੁਰਕਟ ਇਕਤੁ ਪਤਰਿ ਭਰਿ ਪਾਨੀ॥
ਆਸਿ ਪਾਸਿ ਪੰਚ ਜੋਗੀਆ ਬੈਠੇ ਬੀਚਿ ਨਕਟ ਦੇ ਰਾਨੀ॥
ਨਕਟੀ ਕੋ ਠਨਗਨੁ ਬਾਡਾ ਡੂੰ॥ ਕਿਨਹਿ ਬਿਬੇਕੀ ਕਾਟੀ ਤੂੰ॥ਰਹਾਉ॥
ਸਗਲ ਮਾਹਿ ਨਕਟੀ ਕਾ ਵਾਸਾ ਸਗਲ ਮਾਰਿ ਅਉਹੇਰੀ॥
ਸਗਲਿਆ ਕੀ ਹਉ ਬਹਿਨ ਭਾਨਜੀ ਜਿਨਹਿ ਬਰੀ ਤਿਸੁ ਚੇਰੀ॥
ਹਮਰੋ ਭਰਤਾ ਬਡੋ ਬਿਬੇਕੀ ਆਪੇ ਸੰਤੁ ਕਹਾਵੈ॥
ਓਹੁ ਹਮਾਰੈ ਮਾਥੈ ਕਾਇਮੁ ਅਉਰੁ ਹਮਰੈ ਨਿਕਟਿ ਨ ਆਵੈ॥
ਨਾਕਹੁ ਕਾਟੀ ਕਾਨਹੁ ਕਾਟੀ ਕਾਟਿ ਕੂਟਿ ਕੈ ਡਾਰੀ॥
ਕਹੁ ਕਬੀਰ ਸੰਤਨ ਕੀ ਬੈਰਨਿ ਤੀਨਿ ਲੋਕ ਕੀ ਪਿਆਰੀ॥ (੪੭੬)

ਜਗਤ ਵਿੱਚ ਆਮ ਤੌਰ 'ਤੇ ਨੱਕ ਰੱਖਣ ਲਈ ਅਤੇ ਕੰਨ ਨਾਲ ਆਪਣੀ ਵਡਿਆਈ ਸੁਣਨ ਦੇ ਯਤਨ ਹੋ ਰਹੇ ਹੁੰਦੇ ਹਨ। ਭਾਵ ਮਾਇਆ ਆਸਰੇ ਕੀਤੇ ਸਾਡੇ ਕੰਮਾਂ ਦੇ ਕਰਨ ਪਿੱਛੇ ਆਮ ਤੌਰ 'ਤੇ ਏਹੀ ਖ਼ਿਆਲ ਪ੍ਰਧਾਨ ਹੁੰਦਾ ਹੈ ਕਿ ਸਾਡਾ ਨੱਕ ਉੱਚਾ ਹੋ ਜਾਵੇ, ਸਾਡਾ ਨੱਕ ਰਹਿ ਜਾਵੇ, ਕਿਸੇ ਤਰ੍ਹਾਂ ਸਾਡੀ ਇੱਜ਼ਤ ਵਿੱਚ ਵਾਧਾ ਹੋਵੇ, ਸਮਾਜ ਵਿੱਚ ਸਾਡੀ ਠੁੱਕ ਬਣੀ ਰਹੇ ਆਦਿ, ਆਪਣੀ ਸੋਭਾ ਵਧਾਉਣ ਦੀ ਲਾਲਸਾ। ਫਿਰ ਕੰਨ ਲਾ ਕੇ ਸੁਣਦੇ ਫਿਰਦੇ ਹਾਂ ਕਿ ਸਾਡੀ ਫਲਾਣੀ ਕਰਤੂਤ (ਦਾਨ ਪੁੰਨ, ਧਰਮ ਕਰਮ, ਪਾਰਟੀਆਂ ਤੇ ਖ਼ਰਚ, ਵਿਆਹ ਸ਼ਾਦੀਆਂ ਵਿੱਚ ਉਚੇਰੇ ਖ਼ਰਚ ਅਤੇ ਕੀਮਤੀ ਤੋਂ ਕੀਮਤੀ ਦਾਜ ਵਿਖਾਵੇ ਆਦਿ) ਬਾਰੇ ਲੋਕ ਕੀ ਆਖਦੇ ਹਨ। ਪਰ ਬਿਬੇਕੀ ਪੁਰਸ਼ ਨਾ ਲੋਕ ਲਾਜ ਦੀ ਖ਼ਾਤਰ ਕੋਈ ਕੰਮ ਕਰਦੇ ਹਨ ਤੇ ਨਾ ਹੀ ਇਸ ਗੱਲ ਦੀ ਪ੍ਰਵਾਹ ਕਰਦੇ ਹਨ ਕਿ ਲੋਕ ਸਾਡੇ ਬਾਰੇ ਕੀ ਆਖਦੇ ਹਨ। ਸੋ ਉਨ੍ਹਾਂ ਨੇ ਮਾਇਆ ਦਾ ਨੱਕ ਅਤੇ ਕੰਨ ਦੋਵੇਂ ਕੱਟ ਦਿੱਤੇ ਹਨ:

– ਨਾਕਹੁ ਕਾਟੀ ਕਾਨਹੁ ਕਾਟੀ ਕਾਟਿ ਕੂਟਿ ਕੈ ਡਾਰੀ॥
ਕਹੁ ਕਬੀਰ ਸੰਤਨ ਕੀ ਬੈਰਨਿ ਤੀਨਿ ਲੋਕ ਕੀ ਪਿਆਰੀ॥ (੪੭੬)

ਅਸੀਂ ਆਪਣੇ ਗਿਰੀਬਾਨ ਵਿੱਚ ਝਾਤੀ ਮਾਰੀਏ ਤਾਂ ਅੰਦਰੋਂ ਏਹੀ ਸੁਣਦਾ ਹੈ ਕਿ ਅਸੀਂ ਅਜੋਕੇ ਸਿੱਖ ਪੁਕਾਰ-ਪੁਕਾਰ ਕੇ ਕਹਿ ਰਹੇ ਹਾਂ ਕਿ ਹੇ ਨਾਨਕ ਜੀਓ! ਤੂੰ ਤਾਂ ਸਾਨੂੰ ਸੂਰਮਤਾਈ ਦੇ ਨਾਲ ਸੰਤਪੁਣਾਂ ਵੀ ਦੇਣ ਆਇਆ ਸੀ, ਸਾਨੂੰ ਸੰਤ ਬਣਾ ਦੇਣ ਲਈ ਤੁਸਾਂ ਬੇਅੰਤ ਘਾਲਣਾ ਘਾਲੀ, ਪਰ ਮਾਇਆ ਮੋਹ ਕਾਰਣ ਅਸਾਂ ਹੰਕਾਰ ਗ੍ਰਸਿਆਂ ਨੇ ਲੜ ਮਰਨ ਵਾਲੀ ਸੂਰਮਤਾਈ ਤਾਂ ਸਾਂਭ ਲਈ ਪਰ ਸੰਤਪੁਣੇ ਦੇ ਨੇੜੇ ਰਹਿਣਾ ਸਾਡੇ ਲਈ ਵਾਧੂ ਦਾ ਝੰਜਟ ਬਣ ਚੁੱਕਾ ਹੈ। ਜੇ ਅਸੀਂ ਸੂਰਮੇ ਬਣ ਜਾਣ ਨਾਲ ਸੰਤ ਸੁਭਾਅ ਵਾਲੇ ਬਣਦੇ ਤਾਂ ਅੱਜ ਮਾਇਆ ਸਾਡੇ ਲਈ ਵੀ ਉਸੇ ਤਰ੍ਹਾਂ ਦੀ **"ਨਕ-ਕੰਨ-ਕਟੀ ਬੈਰਨਿ"** ਹੀ ਹੁੰਦੀ। ਅਸੀਂ ਤਾਂ ਏਡੇ ਨਿਘਰ ਚੁੱਕੇ ਹਾਂ ਕਿ ਆਪਣਾ ਨੱਕ ਉੱਚਾ ਚੁੱਕਣ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹੀ ਭਰਪੂਰ ਵਰਤੋਂ ਕਰ ਰਹੇ ਹਾਂ। ਅਖੰਡਪਾਠ ਜਾਂ ਸਹਿਜ ਪਾਠ ਦੇ ਬਹਾਨੇ ਬਰਾਦਰੀ ਦਾ ਜੋੜਮੇਲਾ ਕਰਕੇ ਆਪਣਾ ਨੱਕ ਉੱਚਾ ਕਰਨ ਲਈ ਉਹ ਕਿਹੜੀ ਅਵੱਗਿਆ ਰਹਿ ਜਾਂਦੀ ਹੈ ਜੋ ਅਸੀਂ ਨਹੀਂ ਕਰਦੇ? ਅਸੀਂ ਤੇਰੀ ਬਾਣੀ ਦੀ ਵਿਚਾਰ ਨਾਲ ਜੁੜਨ ਦੀ ਥਾਂ "ਧੁਰ ਕੀ ਬਾਣੀ" ਨੂੰ ਹੀ ਆਪਣੀ ਖੱਟੀ ਦਾ ਸਾਧਨ ਬਣਾ ਲਿਆ ਹੈ ਜਿਹੜੀ ਸਾਡੇ ਸਾਰੇ ਚਿੰਤਾ ਝੋਰੇ ਮਿਟਾਉਣ ਲਈ ਆਈ ਸੀ। ਨੌਵੇਂ ਪਾਤਸ਼ਾਹ ਨੇ ਸੱਚ ਹੀ ਫੁਰਮਾਇਆ ਹੈ ਕਿ ਮਾਇਆ ਦੇ ਮੋਹ ਵਿੱਚ ਫਸ ਕੇ ਅਸੀਂ ਅਜਿਹੀ ਕੁੱਤੇ ਦੀ ਪੂਛ ਬਣ ਚੁੱਕੇ ਹਾਂ ਜਿਹੜੀ ਕਦੇ ਸਿੱਧੀ ਨਹੀਂ ਹੁੰਦੀ:

– ਯਹ ਮਨੁ ਨੈਕ ਨ ਕਹਿਓ ਕਰੈ॥ ਸੀਖ ਸਿਖਾਇ ਰਹਿਓ ਅਪਨੀ ਸੀ ਦੁਰਮਤਿ ਤੇ ਨ ਟਰੈ॥ਰਹਾਉ॥
ਮਦਿ ਮਾਇਆ ਕੈ ਭਇਓ ਬਾਵਰੋ ਹਰਿ ਜਸੁ ਨਹਿ ਉਚਰੈ॥
ਕਰਿ ਪਰਪੰਚੁ ਜਗਤ ਕਉ ਡਹਕੈ ਅਪਨੋ ਉਦਰੁ ਭਰੈ॥
ਸੁਆਨ ਪੂਛ ਜਿਉ ਹੋਇ ਨ ਸੂਧੋ ਕਹਿਓ ਨ ਕਾਨ ਧਰੈ॥
ਕਹੁ ਨਾਨਕ ਭਜੁ ਰਾਮ ਨਾਮ ਨਿਤ ਜਾ ਤੇ ਕਾਜੁ ਸਰੈ॥ (੫੩੬)

# ਤ੍ਰੈਗੁਣੀ ਮਾਇਆ

ਪੁਰਾਤਨ ਭਾਰਤੀ ਵਿਦਵਾਨਾਂ ਨੇ ਮਾਇਆ ਨੂੰ ਰਜੋ, ਤਮੋ ਅਤੇ ਸਤੋ ਗੁਣਾਂ ਵਾਲੀ ਮੰਨਿਆ ਹੈ। ਅਜਿਹਾ ਜ਼ਿਕਰ ਬ੍ਰਾਹਮਣੀ ਗ੍ਰੰਥਾਂ ਵਿੱਚ ਬਹੁਤ ਮਿਲਦਾ ਹੈ। ਇਨ੍ਹਾਂ ਗੁਣਾਂ ਦਾ ਜ਼ਿਕਰ ਗੁਰਬਾਣੀ ਵਿੱਚ ਇਸ ਤਰ੍ਹਾਂ ਮਿਲਦਾ ਹੈ:

**- ਰਜ ਗੁਣ ਤਮ ਗੁਣ ਸਤ ਗੁਣ ਕਹੀਐ ਇਹ ਤੇਰੀ ਸਭ ਮਾਇਆ॥** (੧੧੨੩)

**੧. ਰਜਗੁਣ:-** ਮਹਾਨਕੋਸ਼ ਅਨੁਸਾਰ ਰਜ ਪਦ ਦੇ ਅਰਥ ਮਾਇਆ ਦੇ ਤਿੰਨ ਗੁਣਾਂ ਵਿੱਚੋਂ ਇੱਕ ਗੁਣ ਜੋ ਮੋਹ, ਅਹੰਕਾਰ ਦਾ ਕਾਰਨ ਹੈ। ਪ੍ਰਿ: ਸਾਹਿਬ ਸਿੰਘ ਜੀ ਨੇ ਰਜਗੁਣ ਦਾ ਅਰਥ ਲਿਖਿਆ ਹੈ ਮਾਇਆ ਦਾ ਉਹ ਗੁਣ ਜੋ ਮੋਹ, ਹਉਮੈ ਆਦਿ ਦਾ ਮੂਲ ਹੈ।

**੨. ਤਮਗੁਣ:-** ਮਹਾਨਕੋਸ਼ ਵਿੱਚ ਤਮ ਪਦ ਦੇ ਅਰਥ ਗਬ; ਸਾਹ ਘੁੱਟੇ ਜਾਣਾ, ਥੱਕ ਜਾਣਾ, ਘਬਰਾਉਣਾ। ਤਮੋਗੁਣ **"ਰਜ ਤਮ ਸਤ ਕਲ ਤੇਰੀ ਛਾਇਆ"**, **"ਤਮੁ ਅਗਿਆਨ ਮੋਹਤ ਘੁਪ"**, **"ਅਗਿਆਨ ਬਿਨਾਸਨ ਤਮ ਹਰਨ"**, **"ਤਮ ਸੰਸਾਰੁ ਚਰਨ ਲਗਿ ਤਰੀਐ"**॥

**੩. ਸਤਗੁਣ:-** ਮਹਾਨਕੋਸ਼ ਅਨੁਸਾਰ ਸੱਚ, ਸੱਤਯ, ਪਵਿੱਤ੍ਰ **"ਬਿਨੁ ਸਤ ਸਤੀ ਹੋਇ ਕੈਸੇ ਨਾਰਿ"**॥ ਪ੍ਰਿ: ਸਾਹਿਬ ਸਿੰਘ ਅਨੁਸਾਰ ਮਾਇਆ ਦੇ ਗੁਣਾਂ ਵਿੱਚੋਂ ਪਹਿਲਾ ਗੁਣ ਜਿਸ ਦਾ ਨਤੀਜਾ ਸ਼ਾਂਤੀ, ਦਇਆ, ਦਾਨ, ਖਿਮਾ, ਪ੍ਰਸੰਨਤਾ ਆਦਿ ਹੈ। ਇਸ ਅਵਸਥਾ ਵਿੱਚ ਮਨੁੱਖ ਸ਼ਾਂਤੀ ਦਇਆ ਆਦਿ ਕੰਮਾਂ ਤੇ ਜ਼ੋਰ ਦਿੰਦਾ ਹੈ ਤੇ ਇਨ੍ਹਾਂ ਦੇ ਕਰਨ ਨਾਲ ਹੀ ਉਸ ਨੂੰ ਜੀਵਨ ਹੁਲਾਰਾ ਆਉਂਦਾ ਹੈ।

ਸੋ ਸਪੱਸ਼ਟ ਹੈ ਕਿ ਜਪ, ਤਪ, ਦਾਨ, ਪੁੰਨ ਆਦਿ ਧਰਮ ਕਰਮ ਜਿਨ੍ਹਾਂ ਨੂੰ ਕਰਮਕਾਂਡ ਕਿਹਾ ਹੈ, ਇਹ ਸਭ ਮਾਇਆ ਦਾ ਹੀ ਰੂਪ ਹਨ।

ਤ੍ਰੈਗੁਣੀ ਮਾਇਆ ਬਾਰੇ ਗੁਰਬਾਣੀ ਦੇ ਕੁਝ ਫੁਰਮਾਨ ਇੰਜ ਹਨ:

**- ਤ੍ਰਿਤੀਆ ਤ੍ਰੈ ਗੁਣ ਬਿਖੈ ਫਲ ਕਬ ਉਤਮ ਕਬ ਨੀਚੁ॥ ਨਰਕ ਸੁਰਗ ਭ੍ਰਮਤਉ ਘਣੋ ਸਦਾ ਸੰਘਾਰੈ ਮੀਚੁ॥**
**ਹਰਖ ਸੋਗ ਸਹਸਾ ਸੰਸਾਰੁ ਹਉ ਹਉ ਕਰਤ ਬਿਹਾਇ॥**
**ਜਿਨਿ ਕੀਏ ਤਿਸਹਿ ਨ ਜਾਣਨੀ ਚਿਤਵਹਿ ਅਨਿਕ ਉਪਾਇ॥**
**ਆਧਿ ਬਿਆਧਿ ਉਪਾਧਿ ਰਸ ਕਬਹੁ ਨ ਤੂਟੈ ਤਾਪ॥ ਪਾਰਬ੍ਰਹਮ ਪੂਰਨ ਧਨੀ ਨਹ ਬੂਝੈ ਪਰਤਾਪ॥**
**ਮੋਹ ਭਰਮ ਬੂਡਤ ਘਣੋ ਮਹਾ ਨਰਕ ਮਹਿ ਵਾਸ॥**
**ਕਰਿ ਕਿਰਪਾ ਪ੍ਰਭ ਰਾਖਿ ਲੇਹੁ ਨਾਨਕ ਤੇਰੀ ਆਸ॥** (੨੯੭)

**- ਮਨੁ ਘਨੈ ਭ੍ਰਮੈ ਬਨੈ॥ ਉਮਕਿ ਤਰਸਿ ਚਾਲੈ॥ ਪ੍ਰਭ ਮਿਲਬੇ ਕੀ ਚਾਹ॥ਰਹਾਉ॥**
**ਤ੍ਰੈ ਗੁਨ ਮਾਈ ਮੋਹਿ ਆਈ ਕਹੰਉ ਬੇਦਨ ਕਾਹਿ॥ ਆਨ ਉਪਾਵ ਸਗਰ ਕੀਏ ਨਹਿ ਦੂਖ ਸਾਕਹਿ ਲਾਹਿ॥**
**ਭਜੁ ਸਰਨਿ ਸਾਧੂ ਨਾਨਕਾ ਮਿਲੁ ਗੁਨ ਗੋਬਿੰਦਹਿ ਗਾਹਿ॥** (੧੨੨੨)

**- ਤ੍ਰੈ ਗੁਣ ਵਖਾਣੈ ਭਰਮੁ ਨ ਜਾਇ॥ ਬੰਧਨ ਨ ਤੂਟਹਿ ਮੁਕਤਿ ਨ ਪਾਇ॥**
**ਮੁਕਤਿ ਦਾਤਾ ਸਤਿਗੁਰੁ ਜੁਗ ਮਾਹਿ॥ ਗੁਰਮੁਖਿ ਪ੍ਰਾਣੀ ਭਰਮੁ ਗਵਾਇ॥**
**ਸਹਜ ਧੁਨਿ ਉਪਜੈ ਹਰਿ ਲਿਵ ਲਾਇ॥ਰਹਾਉ॥ ਤ੍ਰੈ ਗੁਣ ਕਾਲੈ ਕੀ ਸਿਰਿ ਕਾਰਾ॥**
**ਨਾਮੁ ਨ ਚੇਤਹਿ ਉਪਾਵਣਹਾਰਾ॥ ਮਰਿ ਜੰਮਹਿ ਫਿਰਿ ਵਾਰੋ ਵਾਰਾ॥** (੨੩੧)

ਅਸਾਂ ਉਪਰ ਮਾਇਆ ਦੇ ਤਿੰਨ ਗੁਣਾਂ( ਰਜ, ਤਮ, ਸਤ) ਦੇ ਅਰਥ ਪੜ੍ਹੇ ਹਨ। ਮਾਇਆ ਦੇ ਸਤੋ ਗੁਣ ਦੇ ਅਰਥਾਂ ਵਿੱਚ ਕਰਮਕਾਂਡੀ ਢੰਗ ਨਾਲ ਮਨ ਦੀ ਸ਼ਾਂਤੀ ਨੂੰ ਲੱਭਣਾ ਵੀ ਮਾਇਆ ਦਾ ਰੂਪ ਹੀ ਲਿਖਿਆ ਹੈ। ਕਿਸੇ ਪ੍ਰਕਾਰ

ਦੀ ਪ੍ਰਾਪਤੀ ਦੀ ਲਾਲਸਾ ਨਾਲ ਸਰੀਰਕ ਅਭਿਆਸ (ਜਪ, ਤਪ, ਜਲਧਾਰੇ, ਇੱਕ ਲੱਤ ਦੇ ਭਾਰ ਖੜ੍ਹਨਾ, ਅੰਗ ਸੁਕਾ ਲੈਣੇ ਆਦਿ) ਕਰਨੇ, ਅਥਵਾ ਦਾਨ ਪੁੰਨ ਕਰਨੇ, ਤੀਰਥ ਇਸ਼ਨਾਨ ਆਦਿ ਵਿਖਾਵੇ ਵਾਲੇ ਧਰਮ ਕਰਮ ਸਭ ਮਾਇਆ ਦੇ ਹੀ ਰੂਪ ਹਨ। ਇਸ ਸਿਧਾਂਤ ਨੂੰ ਸਤਿਗੁਰਾਂ ਨੇ ਇੰਜ ਸਮਝਾਇਆ ਹੈ:

– ਹਠੁ ਨਿਗ੍ਰਹੁ ਕਰਿ ਕਾਇਆ ਛੀਜੈ॥ ਵਰਤੁ ਤਪਨੁ ਕਰਿ ਮਨੁ ਨਹੀ ਭੀਜੈ॥
ਰਾਮ ਨਾਮ ਸਰਿ ਅਵਰੁ ਨ ਪੂਜੈ॥ ਗੁਰੁ ਸੇਵਿ ਮਨਾ ਹਰਿ ਜਨ ਸੰਗੁ ਕੀਜੈ॥
ਜਮੁ ਜੰਦਾਰੁ ਜੋਹਿ ਨਹੀ ਸਾਕੈ ਸਰਪਨਿ ਡਸਿ ਨ ਸਕੈ ਹਰਿ ਕਾ ਰਸੁ ਪੀਜੈ॥ਰਹਾਉ॥
ਵਾਦੁ ਪੜੈ ਰਾਗੀ ਜਗੁ ਭੀਜੈ॥ ਤ੍ਰੈ ਗੁਣ ਬਿਖਿਆ ਜਨਮਿ ਮਰੀਜੈ॥
ਰਾਮ ਨਾਮ ਬਿਨੁ ਦੂਖੁ ਸਹੀਜੈ॥ ਚਾੜਸਿ ਪਵਨੁ ਸਿੰਘਾਸਨੁ ਭੀਜੈ॥
ਨਿਉਲੀ ਕਰਮ ਖਟੁ ਕਰਮ ਕਰੀਜੈ॥ ਰਾਮ ਨਾਮ ਬਿਨੁ ਬਿਰਥਾ ਸਾਸੁ ਲੀਜੈ॥ (੯੦੫)

– ਤ੍ਰੈ ਗੁਣ ਸਭਾ ਧਾਤੁ ਹੈ ਦੂਜਾ ਭਾਉ ਵਿਕਾਰੁ॥
ਪੰਡਿਤੁ ਪੜੈ ਬੰਧਨ ਮੋਹ ਬਾਧਾ ਨਹ ਬੂਝੈ ਬਿਖਿਆ ਪਿਆਰਿ॥
ਸਤਗੁਰਿ ਮਿਲਿਐ ਤ੍ਰਿਕੁਟੀ ਛੂਟੈ ਚਉਥੈ ਪਦਿ ਮੁਕਤਿ ਦੁਆਰੁ॥ (੩੩)

## ਤ੍ਰੈ ਗੁਣੀ ਮਾਇਆ ਦੇ ਹੋਰ ਨਾਂਅ

ਤਿੰਨਾਂ ਗੁਣਾਂ ਵਾਲੀ ਤ੍ਰੈ ਗੁਣੀ ਮਾਇਆ ਨੂੰ ਗੁਰਬਾਣੀ ਵਿੱਚ "ਤੀਨਿ ਗੁਣਾਂ" ਵੀ ਲਿਖਿਆ ਹੈ ਜਿਵੇਂ:

– ਤੀਨਿ ਗੁਣਾ ਇਕ ਸਕਤਿ ਉਪਾਇਆ॥ ਮਹਾ ਮਾਇਆ ਤਾ ਕੀ ਹੈ ਛਾਇਆ॥
ਅਛਲ ਅਛੇਦ ਅਭੇਦ ਦਇਆਲ॥ ਦੀਨ ਦਇਆਲ ਸਦਾ ਕਿਰਪਾਲ॥
ਤਾ ਕੀ ਗਤਿ ਮਿਤਿ ਕਛੂ ਨ ਪਾਇ॥ ਨਾਨਕ ਤਾ ਕੈ ਬਲਿ ਬਲਿ ਜਾਇ॥ (੯੬੯)

– ਤੀਨਿ ਗੁਣਾ ਮਹਿ ਬਿਆਪਿਆ ਪੂਰਨ ਹੋਤ ਨ ਕਾਮ॥ ਪਤਿਤ ਉਧਾਰਣੁ ਮਨਿ ਬਸੈ ਨਾਨਕ ਛੂਟੈ ਨਾਮ॥(੨੯੯)

<u>ਤੀਨ ਸੰਖਿਆ</u>

– ਤੀਨਿ ਸੰਖਿਆ ਕਰਿ ਦੇਹੀ ਕੀਨੀ ਜਲ ਕੂਕਰ ਭਸਮੇਹੀ॥
ਹੋਇ ਆਮਰੋ ਗ੍ਰਿਹ ਮਹਿ ਬੈਠਾ ਕਰਣ ਕਾਰਣ ਬਿਸਰੋਹੀ॥(੬੦੯)

<u>ਤੀਨ ਛੰਦੇ (ਤ੍ਰਿਗੁਣੀ)</u>

– ਤੀਨਿ ਛੰਦੇ ਖੇਲੁ ਆਛੈ॥ਰਹਾਉ॥ ਕੁੰਭਾਰ ਕੇ ਘਰ ਹਾਂਡੀ ਆਛੈ ਰਾਜਾ ਕੇ ਘਰ ਸਾਂਡੀ ਗੋ॥
ਬਾਮਨ ਕੇ ਘਰ ਰਾਂਡੀ ਆਛੈ ਰਾਂਡੀ ਸਾਂਡੀ ਹਾਂਡੀ ਗੋ॥ (੭੧੮)

<u>ਤੀਨਿ ਆਵਰਤ (ਮਾਇਆ ਦੇ ਤਿੰਨਾਂ ਗੁਣਾਂ ਦੀ ਘੁੰਮਣਘੇਰੀ)</u>

– ਪੰਚ ਸਿੰਘ ਰਾਖੇ ਪ੍ਰਭ ਮਾਰਿ॥ ਦਸ ਬਿਘਿਆੜੀ ਲਈ ਨਿਵਾਰਿ॥
ਤੀਨਿ ਆਵਰਤ ਕੀ ਚੂਕੀ ਘੇਰ॥ ਸਾਧਸੰਗਿ ਚੂਕੇ ਭੈ ਫੇਰ॥ ਸਿਮਰਿ ਸਿਮਰਿ ਜੀਵਾ ਗੋਵਿੰਦ॥
ਕਰਿ ਕਿਰਪਾ ਰਾਖਿਓ ਦਾਸੁ ਅਪਨਾ ਸਦਾ ਸਦਾ ਸਾਚਾ ਬਖਸਿੰਦ॥ (੯੯੯)

<u>ਤਿਹ ਗੁਣ</u>

– ਜਾ ਕੀ ਲੀਲਾ ਕੀ ਮਿਤਿ ਨਾਹਿ॥ ਸਗਲ ਦੇਵ ਹਾਰੇ ਅਵਗਾਹਿ॥
ਪਿਤਾ ਕਾ ਜਨਮੁ ਕਿ ਜਾਨੈ ਪੂਤੁ॥ ਸਗਲ ਪਰੋਈ ਅਪੁਨੈ ਸੂਤਿ॥
ਸੁਮਤਿ ਗਿਆਨੁ ਧਿਆਨੁ ਜਿਨ ਦੇਇ॥ ਜਨ ਦਾਸ ਨਾਮੁ ਧਿਆਵਹਿ ਸੇਇ॥

ਤਿਹੁ ਗੁਣ ਮਹਿ ਜਾ ਕਉ ਭਰਮਾਏ॥ ਜਨਮਿ ਮਰੈ ਫਿਰਿ ਆਵੈ ਜਾਏ॥
ਊਚ ਨੀਚ ਤਿਸ ਕੇ ਅਸਥਾਨ॥ ਜੈਸਾ ਜਨਾਵੈ ਤੈਸਾ ਨਾਨਕ ਜਾਨ॥ (੨੮੪)

- ਜਹ ਆਪਿ ਰਚਿਓ ਪਰਪੰਚੁ ਅਕਾਰੁ॥ ਤਿਹੁ ਗੁਣ ਮਹਿ ਕੀਨੋ ਬਿਸਥਾਰੁ॥
ਪਾਪੁ ਪੁੰਨੁ ਤਹ ਭਈ ਕਹਾਵਤ॥ ਕੋਊ ਨਰਕ ਕੋਊ ਸੁਰਗ ਬੰਛਾਵਤ॥
ਆਲ ਜਾਲ ਮਾਇਆ ਜੰਜਾਲ॥ ਹਉਮੈ ਮੋਹ ਭਰਮ ਭੈ ਭਾਰ॥
ਦੂਖ ਸੂਖ ਮਾਨ ਅਪਮਾਨ॥ ਅਨਿਕ ਪ੍ਰਕਾਰ ਕੀਓ ਬਖ੍ਯਾਨ॥
ਆਪਨ ਖੇਲੁ ਆਪਿ ਕਰਿ ਦੇਖੈ॥ ਖੇਲੁ ਸੰਕੋਚੈ ਤਉ ਨਾਨਕ ਏਕੈ॥ (੨੯੧)

<u>ਤਿਹੀ ਗੁਣੀ</u>

- ਤਿਹੀ ਗੁਣੀ ਤ੍ਰਿਭਵਣੁ ਵਿਆਪਿਆ ਭਾਈ ਗੁਰਮੁਖਿ ਬੂਝ ਬੁਝਾਇ॥
ਰਾਮ ਨਾਮਿ ਲਗਿ ਛੂਟੀਐ ਭਾਈ ਪੂਛਹੁ ਗਿਆਨੀਆ ਜਾਇ॥ (੬੦੩)

- ਤਿਹੀ ਗੁਣੀ ਸੰਸਾਰੁ ਭ੍ਰਮਿ ਸੁਤਾ ਸੁਤਿਆ ਰੈਣਿ ਵਿਹਾਣੀ॥
ਗੁਰ ਕਿਰਪਾ ਤੇ ਸੇ ਜਨ ਜਾਗੇ ਜਿਨਾ ਹਰਿ ਮਨਿ ਵਸਿਆ ਬੋਲਹਿ ਅੰਮ੍ਰਿਤ ਬਾਣੀ॥
ਕਹੈ ਨਾਨਕੁ ਸੋ ਤਤੁ ਪਾਏ ਜਿਸ ਨੋ ਅਨਦਿਨੁ ਹਰਿ ਲਿਵ ਲਾਗੈ ਜਾਗਤ ਰੈਣਿ ਵਿਹਾਣੀ॥ (੯੨੦)

## ਤੁਰੀਆ ਅਵਸਥਾ ਅਥਵਾ ਚੌਥਾ ਪਦ

ਮਹਾਨਕੋਸ਼ ਅਨੁਸਾਰ ‘‘ਤੁਰੀਆ’’ ਦਾ ਅਰਥ ਹੈ ਤੁਯੰ (ਚੌਥੀ ਅਵਸਥਾ), ਉਹ ਹਾਲਤ ਜੋ ਜਾਗ੍ਰਤ, ਸੁਪਨ, ਸੁਖੁਪਤਿ ਤੋਂ ਪਰੇ ਹੈ। ‘‘ਤੁਰੀਯ’’ ਦਾ ਅਰਥ ਪ੍ਰਮਾਤਮਾ ਵਿੱਚ ਪੂਰੀ ਤਰ੍ਹਾਂ ਲੀਨਤਾ ਵਾਲੀ ਅਵਸਥਾ ਦੀ ਪ੍ਰਾਪਤੀ, ਏਸੇ ਨੂੰ ਚੌਥੀ ਅਵਸਥਾ ਕਿਹਾ ਹੈ। ਸਾਧਿਕ ਦਾ ਅਜਿਹੀ ਅਵਸਥਾ ਤੇ ਅੱਪੜ ਜਾਣਾ ਜਿੱਥੇ ਮਾਇਆ ਦੇ ਤਿੰਨਾਂ (ਰਜ, ਸਤ, ਤਮ) ਗੁਣਾਂ ਵਿੱਚੋਂ ਕਿਸੇ ਦਾ ਪ੍ਰਭਾਵ ਨਾ ਪੈ ਸਕਦਾ ਹੋਵੇ, ਚੌਥੀ ਅਵਸਥਾ ਮੰਨੀ ਗਈ ਹੈ। ਭਾਵ ਪੂਰਨ ਤੌਰ ’ਤੇ ਅਫੁਰ ਅਵਸਥਾ ਦੀ ਪ੍ਰਾਪਤੀ, ਕਾਮਨਾ ਰਹਿਤ ਪੂਰਨ ਨਿਰਲੇਪਤਾ ਵਾਲੀ ਆਤਮਿਕ ਅਵਸਥਾ ਕਿਸੇ ਵਿਰਲੇ ਗੁਰਮੁਖ ਦੇ ਹਿੱਸੇ ਦਾ ਪਦਾਰਥ ਮੰਨਿਆ ਗਿਆ ਹੈ:

- ਤੀਨਿ ਬਿਆਪਹਿ ਜਗਤ ਕਉ ਤੁਰੀਆ ਪਾਵੈ ਕੋਇ॥
ਨਾਨਕ ਸੰਤ ਨਿਰਮਲ ਭਏ ਜਿਨ ਮਨਿ ਵਸਿਆ ਸੋਇ॥ (੨੯੭)

- ਆਸਾ ਮਨਸਾ ਦੋਊ ਬਿਨਾਸਤ ਤ੍ਰਿਹੁ ਗੁਣ ਆਸ ਨਿਰਾਸ ਭਈ॥
ਤੁਰੀਆਵਸਥਾ ਗੁਰਮੁਖਿ ਪਾਈਐ ਸੰਤ ਸਭਾ ਕੀ ਓਟ ਲਹੀ॥ (੩੫੬)

- ਪ੍ਰਥਮੇ ਤਿਆਗੀ ਹਉਮੈ ਪ੍ਰੀਤਿ॥ ਦੁਤੀਆ ਤਿਆਗੀ ਲੋਗਾ ਰੀਤਿ॥
ਤ੍ਰੈ ਗੁਣ ਤਿਆਗਿ ਦੁਰਜਨ ਮੀਤ ਸਮਾਨੇ॥ ਤੁਰੀਆ ਗੁਣੁ ਮਿਲਿ ਸਾਧ ਪਛਾਨੇ ॥ (੩੭੦)

- ਤ੍ਰੈ ਗੁਣ ਮਾਇਆ ਮੋਹੁ ਹੈ ਗੁਰਮੁਖਿ ਚਉਥਾ ਪਦੁ ਪਾਇ॥
ਕਰਿ ਕਿਰਪਾ ਮੇਲਾਇਅਨੁ ਹਰਿ ਨਾਮੁ ਵਸਿਆ ਮਨਿ ਆਇ॥
ਪੋਤੈ ਜਿਨ ਕੈ ਪੁੰਨੁ ਹੈ ਤਿਨ ਸਤਸੰਗਤਿ ਮੇਲਾਇ॥ (੩੦)

- ਜਨਮਿ ਮਰੈ ਤ੍ਰੈ ਗੁਣ ਹਿਤਕਾਰੁ॥ ਚਾਰੇ ਬੇਦ ਕਥਹਿ ਆਕਾਰੁ॥
ਤੀਨਿ ਅਵਸਥਾ ਕਹਹਿ ਵਖਿਆਨੁ॥ ਤੁਰੀਆਵਸਥਾ ਸਤਿਗੁਰ ਤੇ ਹਰਿ ਜਾਨੁ॥ (੧੫੪)

- ਤ੍ਰੈ ਗੁਣ ਸਭਿ ਤੇਰੇ ਤੂ ਆਪੇ ਕਰਤਾ ਜੋ ਤੂ ਕਰਹਿ ਸੁ ਹੋਈ॥

**ਨਾਨਕ ਰਾਮ ਨਾਮਿ ਨਿਸਤਾਰਾ ਸਬਦੇ ਹਉਮੈ ਖੋਈ॥ (੬੦੪)**

## ਬਿਪ੍ਰ ਦੇ ਲਿਖੇ ਗ੍ਰੰਥਾਂ ਵਿਚਲੇ ਮਾਇਆ ਦੇ ਨਾਮ ਅਤੇ ਗੁਰਬਾਣੀ

ਬ੍ਰਾਹਮਣ ਦੇ ਲਿਖੇ ਹਿੰਦੂ ਧਰਮ ਗ੍ਰੰਥਾਂ ਵਿੱਚ ਮਾਇਆ ਨੂੰ ਅਥਵਾ ਲੱਛਮੀ ਨੂੰ, ਸਾਇਰ ਦੀ ਪੁੱਤ੍ਰੀ ਵੀ ਲਿਖਿਆ ਹੈ। ਸਾਇਰ ਦਾ ਭਾਵ ਸਮੁੰਦਰ ਹੈ ਅਤੇ ਲੱਛਮੀ ਨੂੰ ਪ੍ਰਗਟ ਕਰਨ ਲਈ ਬ੍ਰਾਹਮਣੀ ਕਲਾ ਨੇ ਅਜੀਬ ਕਹਾਣੀ ਘੜੀ ਹੋਈ ਹੈ। ਕਹਾਣੀ ਅਨੁਸਾਰ ਦੇਵਤਿਆਂ ਅਤੇ ਦੈਤਾਂ ਨੇ ਪਹਾੜ ਦੀ ਮਧਾਣੀ ਬਣਾ ਕੇ ਸਮੁੰਦਰ ਨੂੰ ਰਿੜਕਿਆ ਤਾਂ ਜਿਹੜੇ ਕਥਿਤ ਚੌਦਾਂ ਰਤਨ ਨਿਕਲੇ ਸਨ ਉਨ੍ਹਾਂ ਵਿੱਚ ਲੱਛਮੀ ਭਾਵ ਮਾਇਆ ਵੀ ਸੀ। ਸੋ ਸਾਇਰ ਭਾਵ ਸਮੁੰਦਰ ਵਿੱਚੋਂ ਨਿਕਲੀ ਹੋਣ ਕਾਰਨ ਲੱਛਮੀ ਨੂੰ ਸਮੁੰਦਰ ਦੀ ਧੀ ਘੋਸ਼ਿਤ ਕਰ ਦਿੱਤਾ। ਹਜ਼ਾਰਾਂ ਸਾਲਾਂ ਤੋਂ ਮਿਲੇ ਮਾਇਆ ਦੇ ਇਸ **"ਸਾਇਰ ਕੀ ਪੁੱਤ੍ਰੀ"** ਨਾਮ ਨੂੰ ਸਤਿਗੁਰਾਂ ਨੇ ਗੁਰਬਾਣੀ ਵਿੱਚ ਉਸੇ ਤਰ੍ਹਾਂ ਵਰਤਿਆ ਹੈ ਜਿਵੇਂ ਉਨ੍ਹਾਂ ਨੂੰ ਦੇਵੀ ਦੇਵਤਿਆਂ ਦਾ ਜ਼ਿਕਰ ਗੁਰਬਾਣੀ ਵਿੱਚ ਕਰਨਾ, ਉਸ ਸਮੇਂ ਦੀ ਲੋੜ ਜਾਤਾ ਸੀ।

**- ਗੁਰਮੁਖਿ ਜਾਤਿ ਪਤਿ ਨਾਮੇ ਵਡਿਆਈ॥ ਸਾਇਰ ਕੀ ਪੁਤ੍ਰੀ ਬਿਦਾਰਿ ਗਵਾਈ॥**
**ਨਾਨਕ ਬਿਨੁ ਨਾਵੈ ਝੂਠੀ ਚਤੁਰਾਈ॥ (੨੩੦)**

**- ਮੇਰਾ ਮਨੋ ਮੇਰਾ ਮਨੁ ਮਾਨਿਆ ਨਾਮੁ ਸਖਾਈ ਰਾਮ॥ ਹਉਮੈ ਮਮਤਾ ਮਾਇਆ ਸੰਗਿ ਨ ਜਾਈ ਰਾਮ॥**
**ਮਾਤਾ ਪਿਤ ਭਾਈ ਸੁਤ ਚਤੁਰਾਈ ਸੰਗਿ ਨ ਸੰਪੈ ਨਾਰੇ॥**
**ਸਾਇਰ ਕੀ ਪੁਤ੍ਰੀ ਪਰਹਰਿ ਤਿਆਗੀ ਚਰਣ ਤਲੈ ਵੀਚਾਰੇ॥**
**ਆਦਿ ਪੁਰਖਿ ਇਕੁ ਚਲਤੁ ਦਿਖਾਇਆ ਜਹ ਦੇਖਾ ਤਹ ਸੋਈ॥**
**ਨਾਨਕ ਹਰਿ ਕੀ ਭਗਤਿ ਨ ਛੋਡਉ ਸਹਜੇ ਹੋਇ ਸੁ ਹੋਈ॥ (੪੩੭)**

ਇਨ੍ਹਾਂ ਵਾਕਾਂ ਤੋਂ ਸਪੱਸ਼ਟ ਸਿੱਖਿਆ ਮਿਲਦੀ ਹੈ ਕਿ ਹਿੰਦੂ ਲੋਕ ਜਿਸ ਲੱਛਮੀ ਦੇਵੀ ਦੀ ਪੂਜਾ ਕਰਦੇ ਹਨ, ਗੁਰੂ ਦਾ ਸਿੱਖ ਸਦਾ ਉਸ ਨੂੰ ਆਪਣੀ ਦਾਸੀ ਮੰਨੇ ਅਤੇ ਉਸ ਦੇ ਮੋਹ ਜਾਲ ਵਿੱਚ ਨਾ ਫਸੇ। ਸਾਇਰ ਦੀ ਪੁੱਤਰੀ ਪੂਜਨੀਕ ਦੇਵੀ ਨਹੀਂ ਸਗੋਂ ਜ਼ਹਿਰੀਲੀ ਨਾਗਣੀ ਹੈ, ਧਰਕਟੀ ਅਤੇ ਕਾਮਣਿਆਰੀ ਨਾਰ ਹੈ। ਇਸ ਦੀ ਪੂਜਾ ਨਹੀਂ ਕਰਨੀ ਸਗੋਂ ਇਸ ਦਾ ਨੱਕ ਵੱਢੀ ਰੱਖਣਾ ਹੈ। ਗੁਰਬਾਣੀ ਅਨੁਸਾਰ ਦੇਵੀ ਦੇਵਤੇ ਮਾਇਆ ਹੀ ਹਨ। ਇਨ੍ਹਾਂ ਦੇਵਤਿਆਂ ਦੀ ਮਾਇਆ ਨੇ ਲੋਕਾਂ ਦੀ ਅਜੇਹੀ ਮੱਤ ਮਾਰੀ ਕਿ ਅਰਬਾਂ ਖਰਬਾਂ ਦਾ ਧਨ ਕੰਧਾਂ ਕੋਠਿਆਂ ਵਿੱਚ ਥੱਪ ਦਿੱਤਾ, ਅਥਵਾ ਇਨ੍ਹਾਂ ਦੀ ਕਿਰਪਾ ਦਾ ਹੀ ਸਦਕਾ ਅਰਬਾਂ ਖਰਬਾਂ ਦਾ ਧਨ ਮੰਦਰਾਂ ਰਾਹੀਂ ਵਿਦੇਸ਼ੀਂ ਪੁੱਜਿਆ। ਇਸ ਮਾਇਆ ਦੇ ਜਾਲ ਵਿੱਚ ਗੁਰੂ ਨਾਨਕ ਦਾ ਸਿੱਖ ਕਿਉਂ ਫਸੇ?

### ਸਕਤਿ ਭਾਵ ਮਾਇਆ

ਗੋਸੁਆਮੀ ਤੁਲਸੀ ਦਾਸ ਦੀ ਲਿਖਤ "ਸ੍ਰੀ ਰਾਮ ਚਰਿਤ੍ਰ ਮਾਨਸ" ਸ਼ਿਵ ਜੀ ਅਤੇ ਪਾਰਬਤੀ ਦੀ ਆਪਸ ਵਿੱਚ ਹੋਈ ਗੱਲਬਾਤ ਤੇ ਅਧਾਰਤ ਹੈ। ਪਾਰਬਤੀ ਦੇ ਸੁਆਲਾਂ ਦੇ ਉੱਤਰ ਵਿੱਚ ਜੋ ਕੁੱਝ ਸ਼ਿਵ ਜੀ ਨੇ ਕਿਹਾ ਉਹ ਗਾਥਾ ਦਸ਼ਰਥ ਪੁੱਤ੍ਰ ਸ੍ਰੀ ਰਾਮ ਦੀ ਜੀਵਨ ਕਥਾ ਹੈ। ਕੇਵਲ ਅਕਾਲ ਪੁਰਖ ਦੇ ਨਾਮ ਦਾ ਸਿਮਰਨ ਕਰਨ ਦਾ ਉਪਦੇਸ਼ ਦ੍ਰਿੜ੍ਹ ਕਰਾਉਣ ਦਾ ਉਪਦੇਸ਼ ਦੇਣ ਸਮੇਂ ਗੁਰਬਾਣੀ ਵਿੱਚ ਵੀ ਇੱਕ ਥਾਂ ਰਾਮਾਇਣ ਗਾਥਾ ਨੂੰ "ਸਿਵਾ ਸਕਤਿ ਸੰਬਾਦੰ" ਲਿਖਿਆ ਹੈ:

**- ਸਿਵਾ ਸਕਤਿ ਸੰਬਾਦੰ॥ ਮਨ ਛੋਡਿ ਛੋਡਿ ਸਗਲ ਭੇਦੰ॥**
**ਸਿਮਰਿ ਸਿਮਰਿ ਗੋਬਿੰਦੰ॥ ਭਜੁ ਨਾਮਾ ਤਰਸਿ ਭਵ ਸਿੰਧੰ॥ (੮੭੩)**

ਸਪੱਸ਼ਟ ਹੈ ਕਿ "ਸਕਤਿ" ਵੀ ਉਮਾ ਵਾਂਗ ਪਾਰਬਤੀ ਦਾ ਹੀ ਨਾਮ ਹੈ। ਧਿਆਨ ਦੇਣ ਵਾਲੀ ਗੱਲ ਇਹ ਹੈ ਕਿ ਗੁਰਬਾਣੀ ਵਿੱਚ ਹੋਰ ਜਿੱਥੇ ਵੀ "ਸਕਤਿ" ਲਫ਼ਜ਼ ਆਇਆ ਹੈ ਅਤੇ ਇਹ ਲਫ਼ਜ਼ ਸਦਾ ਸ਼ਿਵ ਦੇ ਨਾਲ ਹੀ ਆਇਆ ਹੈ:

– ਸਤਿਗੁਰ ਤੇ ਗਿਆਨੁ ਪਾਇਆ ਹਰਿ ਤਤੁ ਬੀਚਾਰਾ॥ ਮਤਿ ਮਲੀਣ ਪਰਗਟੁ ਭਈ ਜਪਿ ਨਾਮੁ ਮੁਰਾਰਾ॥
ਸਿਵਿ ਸਕਤਿ ਮਿਟਾਈਆ ਚੂਕਾ ਅੰਧਿਆਰਾ॥
ਧੁਰਿ ਮਸਤਕਿ ਜਿਨ ਕਉ ਲਿਖਿਆ ਤਿਨ ਹਰਿ ਨਾਮੁ ਪਿਆਰਾ॥ (੧੬੩)

– ਆਪੇ ਵਣੁ ਤ੍ਰਿਣੁ ਤ੍ਰਿਭਵਣ ਸਾਰੁ॥ ਜਾ ਕੈ ਸੂਤਿ ਪਰੋਇਆ ਸੰਸਾਰੁ॥
ਆਪੇ ਸਿਵ ਸਕਤੀ ਸੰਜੋਗੀ॥ ਆਪਿ ਨਿਰਬਾਣੀ ਆਪੇ ਭੋਗੀ॥ (੧੧੫੦)

– ਸਿੰਚਹਿ ਦਰਬੁ ਦੇਹਿ ਦੁਖੁ ਲੋਗ॥ ਤੇਰੈ ਕਾਜਿ ਨ ਅਵਰਾ ਜੋਗ॥
ਕਰਿ ਅਹੰਕਾਰੁ ਹੋਇ ਵਰਤਹਿ ਅੰਧ॥ ਜਮ ਕੀ ਜੇਵੜੀ ਤੂ ਆਗੈ ਬੰਧ॥
ਛਾਡਿ ਵਿਡਾਣੀ ਤਾਤਿ ਮੂੜੇ॥ ਈਹਾ ਬਸਨਾ ਰਾਤਿ ਮੂੜੇ॥
ਮਾਇਆ ਕੇ ਮਾਤੇ ਤੈ ਉਠਿ ਚਲਨਾ॥ ਰਾਚਿ ਰਹਿਓ ਤੂ ਸੰਗਿ ਸੁਪਨਾ॥ਰਹਾਉ॥
ਬਾਲ ਬਿਵਸਥਾ ਬਾਰਿਕੁ ਅੰਧ॥ ਭਰਿ ਜੋਬਨਿ ਲਾਗਾ ਦੁਰਗੰਧ॥
ਤ੍ਰਿਤੀਅ ਬਿਵਸਥਾ ਸਿੰਚੇ ਮਾਇ॥ ਬਿਰਧਿ ਭਇਆ ਛੋਡਿ ਚਲਿਓ ਪਛੁਤਾਇ॥
ਚਿਰੰਕਾਲ ਪਾਈ ਦੁਲਭ ਦੇਹ॥ ਨਾਮ ਬਿਹੂਣੀ ਹੋਈ ਖੇਹ॥
ਪਸੂ ਪਰੇਤ ਮੁਗਧ ਤੇ ਬੁਰੀ॥ ਤਿਸਹਿ ਨ ਬੂਝੈ ਜਿਨਿ ਏਹ ਸਿਰੀ॥
ਸੁਣਿ ਕਰਤਾਰ ਗੋਵਿੰਦ ਗੋਪਾਲ॥ ਦੀਨ ਦਇਆਲ ਸਦਾ ਕਿਰਪਾਲ॥
ਤੁਮਹਿ ਛਡਾਵਹੁ ਛੁਟਕਹਿ ਬੰਧ॥ ਬਖਸਿ ਮਿਲਾਵਹੁ ਨਾਨਕ ਜਗ ਅੰਧ॥ (੮੮੯)

– ਇਨ੍ਹਿ ਮਾਇਆ ਜਗਦੀਸ ਗੁਸਾਈ ਤੁਮ੍ਰੇ ਚਰਨ ਬਿਸਾਰੇ॥
ਕਿੰਚਤ ਪ੍ਰੀਤਿ ਨ ਉਪਜੈ ਜਨ ਕਉ ਜਨ ਕਹਾ ਕਰਹਿ ਬੇਚਾਰੇ॥ਰਹਾਉ॥
ਧ੍ਰਿਗੁ ਤਨੁ ਧ੍ਰਿਗੁ ਧਨੁ ਧ੍ਰਿਗੁ ਇਹ ਮਾਇਆ ਧ੍ਰਿਗੁ ਧ੍ਰਿਗੁ ਮਤਿ ਬੁਧਿ ਫੰਨੀ॥
ਇਸ ਮਾਇਆ ਕਉ ਦ੍ਰਿੜੁ ਕਰਿ ਰਾਖਹੁ ਬਾਂਧੇ ਆਪ ਬਚੰਨੀ॥
ਕਿਆ ਖੇਤੀ ਕਿਆ ਲੇਵਾ ਦੇਈ ਪਰਪੰਚ ਝੂਠੁ ਗੁਮਾਨਾ॥
ਕਹਿ ਕਬੀਰ ਤੇ ਅੰਤਿ ਬਿਗੂਤੇ ਆਇਆ ਕਾਲੁ ਨਿਦਾਨਾ॥ (੮੫੭)

ਹੇ ਸਿਰਜਣਹਾਰ ਦਾਤਾਰ ਜੀਓ! ਸੰਸਾਰ ਰੂਪ ਮਾਇਆ ਹੈ ਤਾਂ ਸਾਰਾ ਤੇਰੇ ਹੀ ਹੁਕਮ ਦਾ ਰਚਾਇਆ ਖੇਲ ਤਮਾਸ਼ਾ, ਤੂੰ ਆਪ ਹੀ ਮਿਹਰਾਂ ਕਰਕੇ ਕਿਸੇ ਗੁਰਮੁਖਿ ਨੂੰ ਮਾਇਆ ਦੀ ਅਸਲੀਅਤ ਦੀ ਸੋਝੀ ਕਰਾ ਕੇ ਉਸ ਦੇ ਮਾਇਆ ਮੋਹ ਦੇ ਬੰਧਨ ਤੋੜ ਕੇ ਉਸ ਦੀ ਲਿਵ ਆਪਣੇ ਵਿੱਚ ਜੋੜ ਲੈਂਦਾ ਹੈਂ:

– ਸਿਵ ਸਕਤਿ ਆਪਿ ਉਪਾਇ ਕੈ ਕਰਤਾ ਆਪੇ ਹੁਕਮੁ ਵਰਤਾਏ॥
ਹੁਕਮੁ ਵਰਤਾਏ ਆਪਿ ਵੇਖੈ ਗੁਰਮੁਖਿ ਕਿਸੈ ਬੁਝਾਏ॥
ਤੋੜੇ ਬੰਧਨ ਹੋਵੈ ਮੁਕਤੁ ਸਬਦੁ ਮੰਨਿ ਵਸਾਏ॥
ਗੁਰਮੁਖਿ ਜਿਸ ਨੋ ਆਪਿ ਕਰੇ ਸੁ ਹੋਵੈ ਏਕਸ ਸਿਉ ਲਿਵ ਲਾਏ॥
ਕਹੈ ਨਾਨਕੁ ਆਪਿ ਕਰਤਾ ਆਪੇ ਹੁਕਮੁ ਬੁਝਾਏ॥ (੯੨੦)

## ਮਿਥਿਆ ਰਾਜ ਜੋਬਨ ਧਨ ਮਾਲ

– ਰਾਜ ਕਪਟੰ ਰੂਪ ਕਪਟੰ ਧਨ ਕਪਟੰ ਕੁਲ ਗਰਬਤਹ॥
ਸੰਚੰਤਿ ਬਿਖਿਆ ਛਲੰ ਛਿਦ੍ਰੰ ਨਾਨਕ ਬਿਨੁ ਹਰਿ ਸੰਗਿ ਨ ਚਾਲਤੇ॥
ਪੇਖੰਦੜੋ ਕੀ ਭੁਲੁ ਤੁੰਮਾ ਦਿਸਮੁ ਸੋਹਣਾ॥
ਅਢੁ ਨ ਲਹੰਦੜੋ ਮੁਲੁ ਨਾਨਕ ਸਾਥਿ ਨ ਜੁਲਈ ਮਾਇਆ॥ (੭੦੮)

– ਸੰਗਿ ਨ ਚਾਲਸਿ ਤੇਰੈ ਧਨਾ॥ ਤੂੰ ਕਿਆ ਲਪਟਾਵਹਿ ਮੂਰਖ ਮਨਾ॥
ਸੁਤ ਮੀਤ ਕੁਟੰਬ ਅਰੁ ਬਨਿਤਾ॥ ਇਨ ਤੇ ਕਹਹੁ ਤੁਮ ਕਵਨ ਸਨਾਥਾ॥
ਰਾਜ ਰੰਗ ਮਾਇਆ ਬਿਸਥਾਰ॥ ਇਨ ਤੇ ਕਹਹੁ ਕਵਨ ਛੁਟਕਾਰ॥
ਅਸੁ ਹਸਤੀ ਰਥ ਅਸਵਾਰੀ॥ ਝੂਠਾ ਡੰਫੁ ਝੂਠੁ ਪਾਸਾਰੀ॥
ਜਿਨਿ ਦੀਏ ਤਿਸੁ ਬੁਝੈ ਨ ਬਿਗਾਨਾ॥ ਨਾਮੁ ਬਿਸਾਰਿ ਨਾਨਕ ਪਛੁਤਾਨਾ॥ (੨੮੮)

– ਮਿਥਿਆ ਤਨੁ ਧਨੁ ਕੁਟੰਬੁ ਸਬਾਇਆ॥ ਮਿਥਿਆ ਹਉਮੈ ਮਮਤਾ ਮਾਇਆ॥
ਮਿਥਿਆ ਰਾਜ ਜੋਬਨ ਧਨ ਮਾਲ॥ ਮਿਥਿਆ ਕਾਮ ਕ੍ਰੋਧ ਬਿਕਰਾਲ॥
ਮਿਥਿਆ ਰਥ ਹਸਤੀ ਅਸ੍ਵ ਬਸਤ੍ਰਾ॥ ਮਿਥਿਆ ਰੰਗ ਸੰਗਿ ਮਾਇਆ ਪੇਖਿ ਹਸਤਾ॥
ਮਿਥਿਆ ਧ੍ਰੋਹ ਮੋਹ ਅਭਿਮਾਨੁ॥ ਮਿਥਿਆ ਆਪਸ ਊਪਰਿ ਕਰਤ ਗੁਮਾਨੁ॥
ਅਸਥਿਰੁ ਭਗਤਿ ਸਾਧ ਕੀ ਸਰਨ॥ ਨਾਨਕ ਜਪਿ ਜਪਿ ਜੀਵੈ ਹਰਿ ਕੇ ਚਰਨ॥ (੨੬੮)

– ਕੂੜੁ ਰਾਜਾ ਕੂੜੁ ਪਰਜਾ ਕੂੜੁ ਸਭੁ ਸੰਸਾਰੁ॥ ਕੂੜੁ ਮੰਡਪ ਕੂੜੁ ਮਾੜੀ ਕੂੜੁ ਬੈਸਣਹਾਰੁ॥
ਕੂੜੁ ਸੁਇਨਾ ਕੂੜੁ ਰੁਪਾ ਕੂੜੁ ਪੈਨ੍ਹਣਹਾਰੁ॥ ਕੂੜੁ ਕਾਇਆ ਕੂੜੁ ਕਪੜੁ ਕੂੜੁ ਰੂਪੁ ਅਪਾਰੁ॥
ਕੂੜੁ ਮੀਆ ਕੂੜੁ ਬੀਬੀ ਖਪਿ ਹੋਏ ਖਾਰੁ॥ ਕੂੜਿ ਕੂੜੈ ਨੇਹੁ ਲਗਾ ਵਿਸਰਿਆ ਕਰਤਾਰੁ॥
ਕਿਸੁ ਨਾਲਿ ਕੀਚੈ ਦੋਸਤੀ ਸਭੁ ਜਗੁ ਚਲਣਹਾਰੁ॥ ਕੂੜੁ ਮਿਠਾ ਕੂੜੁ ਮਾਖਿਉ ਕੂੜੁ ਡੋਬੇ ਪੂਰੁ॥
ਨਾਨਕੁ ਵਖਾਣੈ ਬੇਨਤੀ ਤੁਧੁ ਬਾਝੁ ਕੂੜੋ ਕੂੜੁ॥ (੪੬੮)

– ਜਗ ਰਚਨਾ ਸਭ ਝੂਠ ਹੈ ਜਾਨਿ ਲੇਹੁ ਰੇ ਮੀਤ॥ ਕਹਿ ਨਾਨਕ ਥਿਰੁ ਨਾ ਰਹੈ ਜਿਉ ਬਾਲੂ ਕੀ ਭੀਤਿ॥(੧੪੨੯)

– ਕਹਉ ਕਹਾ ਅਪਨੀ ਅਧਮਾਈ॥ ਉਰਝਿਓ ਕਨਕ ਕਾਮਨੀ ਕੇ ਰਸ ਨਹ ਕੀਰਤਿ ਪ੍ਰਭ ਗਾਈ॥ਰਹਾਉ॥
ਜਗ ਝੂਠੇ ਕਉ ਸਾਚੁ ਜਾਨਿ ਕੈ ਤਾ ਸਿਉ ਰੁਚ ਉਪਜਾਈ॥
ਦੀਨ ਬੰਧ ਸਿਮਰਿਓ ਨਹੀ ਕਬਹੂ ਹੋਤ ਜੁ ਸੰਗਿ ਸਹਾਈ॥
ਮਗਨ ਰਹਿਓ ਮਾਇਆ ਮੈ ਨਿਸ ਦਿਨਿ ਛੁਟੀ ਨ ਮਨ ਕੀ ਕਾਈ॥
ਕਹਿ ਨਾਨਕ ਅਬ ਨਾਹਿ ਅਨਤ ਗਤਿ ਬਿਨੁ ਹਰਿ ਕੀ ਸਰਨਾਈ॥ (੭੧੮)

– ਜਿਤਨੇ ਸਾਹ ਪਾਤਿਸਾਹ ਉਮਰਾਵ ਸਿਕਦਾਰ ਚਉਧਰੀ ਸਭਿ ਮਿਥਿਆ ਝੂਠੁ ਭਾਉ ਦੂਜਾ ਜਾਣੁ॥
ਹਰਿ ਅਬਿਨਾਸੀ ਸਦਾ ਥਿਰੁ ਨਿਹਚਲੁ ਤਿਸੁ ਮੇਰੇ ਮਨ ਭਜੁ ਪਰਵਾਣੁ॥
ਮੇਰੇ ਮਨ ਨਾਮੁ ਹਰੀ ਭਜੁ ਸਦਾ ਦੀਬਾਣੁ॥
ਜੋ ਹਰਿ ਮਹਲੁ ਪਾਵੈ ਗੁਰ ਬਚਨੀ ਤਿਸੁ ਜੇਵਡੁ ਅਵਰੁ ਨਾਹੀ ਕਿਸੈ ਦਾ ਤਾਣੁ॥ਰਹਾਉ॥
ਜਿਤਨੇ ਧਨਵੰਤ ਕੁਲਵੰਤ ਮਿਲਖਵੰਤ ਦੀਸਹਿ ਮਨ ਮੇਰੇ ਸਭਿ ਬਿਨਸਿ ਜਾਹਿ ਜਿਉ ਰੰਗੁ ਕਸੁੰਭ ਕਚਾਣੁ॥
ਹਰਿ ਸਤਿ ਨਿਰੰਜਨੁ ਸਦਾ ਸੇਵਿ ਮਨ ਮੇਰੇ ਜਿਤੁ ਹਰਿ ਦਰਗਹ ਪਾਵਹਿ ਤੂ ਮਾਣੁ॥ (੮੬੧)

## ਬਿਨੁ ਸਚੇ ਸਭ ਕੂੜੁ ਹੈ

– ਮਨ ਮੇਰੇ ਸਾਚਾ ਸੇਵਿ ਜਿਚਰੁ ਸਾਸੁ॥ ਬਿਨੁ ਸਚੇ ਸਭ ਕੂੜੁ ਹੈ ਅੰਤੇ ਹੋਇ ਬਿਨਾਸੁ॥ (੪੯)

– ਤੁਧੁ ਭਾਵੈ ਤਾ ਵਾਵਹਿ ਗਾਵਹਿ ਤੁਧੁ ਭਾਵੈ ਜਲਿ ਨਾਵਹਿ॥
ਜਾ ਤੁਧੁ ਭਾਵਹਿ ਤਾ ਕਰਹਿ ਬਿਭੂਤਾ ਸਿੰਙੀ ਨਾਦੁ ਵਜਾਵਹਿ॥
ਜਾ ਤੁਧੁ ਭਾਵੈ ਤਾ ਪੜਹਿ ਕਤੇਬਾ ਮੁਲਾ ਸੇਖ ਕਹਾਵਹਿ॥
ਜਾ ਤੁਧੁ ਭਾਵੈ ਤਾ ਹੋਵਹਿ ਰਾਜੇ ਰਸ ਕਸ ਬਹੁਤੁ ਕਮਾਵਹਿ॥
ਜਾ ਤੁਧੁ ਭਾਵੈ ਤੇਗ ਵਗਾਵਹਿ ਸਿਰ ਮੁੰਡੀ ਕਟਿ ਜਾਵਹਿ॥

ਜਾ ਤੁਧੁ ਭਾਵੈ ਜਾਹਿ ਦਿਸੰਤਰਿ ਸੁਣਿ ਗਲਾ ਘਰਿ ਆਵਹਿ॥
ਜਾ ਤੁਧੁ ਭਾਵੈ ਨਾਇ ਰਚਾਵਹਿ ਤੁਧੁ ਭਾਣੇ ਤੂੰ ਭਾਵਹਿ॥
ਨਾਨਕੁ ਏਕ ਕਹੈ ਬੇਨੰਤੀ ਹੋਰਿ ਸਗਲੇ ਕੂੜੁ ਕਮਾਵਹਿ॥ (੧੪੪)

- ਜਾ ਤੂੰ ਵਡਾ ਸਭਿ ਵਡਿਆਂਈਆ ਚੰਗੈ ਚੰਗਾ ਹੋਈ॥ ਜਾ ਤੂੰ ਸਚਾ ਤਾ ਸਭੁ ਕੋ ਸਚਾ ਕੂੜਾ ਕੋਇ ਨ ਕੋਈ॥
ਆਖਣੁ ਵੇਖਣੁ ਬੋਲਣੁ ਚਲਣੁ ਜੀਵਣੁ ਮਰਣਾ ਧਾਤੁ॥ ਹੁਕਮੁ ਸਾਜਿ ਹੁਕਮੈ ਵਿਚਿ ਰਖੈ ਨਾਨਕ ਸਚਾ ਆਪਿ॥(੧੪੪)

- ਤਨੁ ਧਨੁ ਕਲਤੁ ਮਿਥਿਆ ਬਿਸਥਾਰ॥ ਹੈਵਰ ਗੈਵਰ ਚਾਲਨਹਾਰ॥
ਰਾਜ ਰੰਗ ਰੂਪ ਸਭਿ ਕੂਰ॥ ਨਾਮ ਬਿਨਾ ਹੋਇ ਜਾਸੀ ਧੂਰ॥ (੮੮੮)

- ਸਚੁ ਸੁਹਾਵਾ ਕਾਢੀਐ ਕੂੜੈ ਕੂੜੀ ਸੋਇ॥ ਨਾਨਕ ਵਿਰਲੇ ਜਾਣੀਅਹਿ ਜਿਨ ਸਚੁ ਪਲੈ ਹੋਇ॥ (੧੧੦੦)

- ਖੂਬੁ ਖੂਬੁ ਖੂਬੁ ਖੂਬੁ ਖੂਬੁ ਤੇਰੋ ਨਾਮੁ॥ ਝੂਠੁ ਝੂਠੁ ਝੂਠੁ ਝੂਠੁ ਦੁਨੀ ਗੁਮਾਨੁ॥ਰਹਾਉ॥
ਨਗਜ ਤੇਰੇ ਬੰਦੇ ਦੀਦਾਰੁ ਅਪਾਰੁ॥ ਨਾਮ ਬਿਨਾ ਸਭ ਦੁਨੀਆ ਛਾਰੁ॥ (੧੧੩੭)

- ਸਤਿ ਸਤਿ ਸਤਿ ਸਤਿ ਸਤਿ ਗੁਰਦੇਵ॥ ਝੂਠੁ ਝੂਠੁ ਝੂਠੁ ਝੂਠੁ ਆਨ ਸਭ ਸੇਵ॥ਰਹਾਉ॥ (੧੧੬੬)

- ਕਿਵ ਸਚਿਆਰਾ ਹੋਈਐ ਕਿਵ ਕੂੜੈ ਤੁਟੈ ਪਾਲਿ॥ ਹੁਕਮਿ ਰਜਾਈ ਚਲਣਾ ਨਾਨਕ ਲਿਖਿਆ ਨਾਲਿ॥ (੧)

- ਸੁਣਿ ਬਾਵਰੇ ਤੂ ਕਾਏ ਦੇਖਿ ਭੁਲਾਨਾ॥ ਸੁਣਿ ਬਾਵਰੇ ਨੇਹੁ ਕੂੜਾ ਲਾਇਓ ਕੁਸੰਭ ਰੰਗਾਨਾ॥
ਕੂੜੀ ਡੇਖਿ ਭੁਲੋ ਅਚੁ ਲਹੈ ਨ ਮੁਲੋ ਗੋਵਿਦ ਨਾਮੁ ਮਜੀਠਾ॥
ਥੀਵਹਿ ਲਾਲਾ ਅਤਿ ਗੁਲਾਲਾ ਸਬਦੁ ਚੀਨਿ ਗੁਰ ਮੀਠਾ॥
ਮਿਥਿਆ ਮੋਹਿ ਮਗਨੁ ਥੀ ਰਹਿਆ ਝੂਠ ਸੰਗਿ ਲਪਟਾਨਾ॥
ਨਾਨਕ ਦੀਨ ਸਰਣਿ ਕਿਰਪਾ ਨਿਧਿ ਰਾਖੁ ਲਾਜ ਭਗਤਾਨਾ॥ (੭੭੭)

- ਬਿਨੁ ਹਰਿ ਭਜਨ ਰੰਗ ਰਸ ਜੇਤੇ ਸੰਤ ਦਇਆਲ ਜਾਨੇ ਸਭਿ ਝੂਠੇ॥
ਨਾਮ ਰਤਨੁ ਪਾਇਓ ਜਨ ਨਾਨਕ ਨਾਮ ਬਿਹੂਨ ਚਲੇ ਸਭਿ ਮੂਠੇ॥ (੭੧੭)

- ਕੂੜਿ ਕਪਟਿ ਬੰਚਿ ਨਿੰਮੁਨੀਆਦਾ ਬਿਨਸਿ ਗਇਆ ਤਤਕਾਲੇ॥
ਸਤਿ ਸਤਿ ਸਤਿ ਨਾਨਕਿ ਕਹਿਆ ਅਪਨੈ ਹਿਰਦੈ ਦੇਖੁ ਸਮਾਲੇ॥ (੩੮੧)

## ਕੂੜ, ਝੂਠ, ਕੂੜਾ, ਝੂਠਾ

- ਨਾਨਕ ਨਦਰੀ ਪਾਈਐ ਕੂੜੀ ਕੂੜੈ ਠੀਸ॥ (੭)

## ਸਤਿਗੁਰਾਂ ਨੇ ਝੂਠ ਕਿਸ ਨੂੰ ਮੰਨਿਆ ਹੈ?

- ਜਿਨਾ ਅੰਦਰਿ ਕੂੜੁ ਵਰਤੈ ਸਚੁ ਨ ਭਾਵਈ॥ ਜੇ ਕੋ ਬੋਲੈ ਸਚੁ ਕੂੜਾ ਜਲਿ ਜਾਵਈ॥
ਕੂੜਿਆਰੀ ਰਜੈ ਕੂੜਿ ਜਿਉ ਵਿਸਟਾ ਕਾਗੁ ਖਾਵਈ॥ ਜਿਸੁ ਹਰਿ ਹੋਇ ਕ੍ਰਿਪਾਲੁ ਸੋ ਨਾਮੁ ਧਿਆਵਈ॥
ਹਰਿ ਗੁਰਮੁਖਿ ਨਾਮੁ ਅਰਾਧਿ ਕੂੜੁ ਪਾਪੁ ਲਹਿ ਜਾਵਈ॥ (੬੪੬)

- ਲਾਲਚ ਝੂਠ ਬਿਕਾਰ ਮੋਹ ਬਿਆਪਤ ਮੂੜੇ ਅੰਧ॥ ਲਾਗਿ ਪਰੇ ਦੁਰਗੰਧ ਸਿਉ ਨਾਨਕ ਮਾਇਆ ਬੰਧ॥(੨੫੨)

- ਕਬੀਰ ਕਸਉਟੀ ਰਾਮ ਕੀ ਝੂਠਾ ਟਿਕੈ ਨ ਕੋਇ॥ ਰਾਮ ਕਸਉਟੀ ਸੋ ਸਹੈ ਜੋ ਮਰਿ ਜੀਵਾ ਹੋਇ॥ (੧੩੬੬)

– ਗੁਰੂ ਜਿਨਾ ਕਾ ਅੰਧੁਲਾ ਸਿਖ ਭੀ ਅੰਧੇ ਕਰਮ ਕਰੇਨਿ॥ ਓਇ ਭਾਣੈ ਚਲਨਿ ਆਪਣੈ ਨਿਤ ਝੂਠੋ ਝੂਠੁ ਬੋਲੇਨਿ॥
ਕੂੜੁ ਕੁਸਤੁ ਕਮਾਵਦੇ ਪਰ ਨਿੰਦਾ ਸਦਾ ਕਰੇਨਿ॥ ਓਇ ਆਪਿ ਡੁਬੇ ਪਰ ਨਿੰਦਕਾ ਸਗਲੇ ਕੁਲ ਡੋਬੇਨਿ॥
ਨਾਨਕ ਜਿਤੁ ਓਇ ਲਾਏ ਤਿਤੁ ਲਗੇ ਉਇ ਬਪੁੜੇ ਕਿਆ ਕਰੇਨਿ॥ (੯੫੧)

– ਜੇ ਸਉ ਕੂੜੀਆ ਕੂੜੁ ਕਬਾੜੁ॥ ਭਾਵੈ ਸਭੁ ਆਖਉ ਸੰਸਾਰੁ॥
ਤੁਧੁ ਭਾਵੈ ਅਧੀ ਪਰਵਾਣੁ॥ ਨਾਨਕ ਜਾਣੈ ਜਾਣੁ ਸੁਜਾਣੁ॥ (੬੬੨)

– ਸਚਾ ਸਾਹੁ ਸਚੇ ਵਣਜਾਰੇ ਓਥੈ ਕੂੜੇ ਨ ਟਿਕੰਨਿ॥ ਓਨਾ ਸਚੁ ਨ ਭਾਵਈ ਦੁਖ ਹੀ ਮਾਹਿ ਪਚੰਨਿ॥ (੭੫੬)